
People's Herald

Rs- 100/month

People's Herald



# "ਇਕੁਐਲਿਟੀ ਐਂਡ ਜਸਟਿਸ"



https://www.facebook.com/profile.php?id=161037521061610

ਪਟਿਆਲਾ

"Equality and Justice"

स्वतंत्रता, समानता, भाईचारा

PATIALA On line paper 20 ਸਤੰਬਰ 2025 ਸਨਿੱਚਰਵਾਰ "ਰੋਜ਼ਾਨਾ" ਚੌਥਾ ਸਾਲ w.e.f. 15 August 2022 ਪਟਿਆਲਾ

ਮੁੱਖ ਸੰਪਾਦਕ- ਇੰਜੀ. ਹਰਦੀਪ ਸਿੰਘ ਚੁੰਬਰ | whatsapp. 91-94636-01616 | email. hardipchumber57@gmail.com | ਸਹਿ ਸੰਪਾਦਕ- ਸ਼੍ਰੀਮਤੀ ਆਸ਼ਾ ਕੁਮਾਰੀ, ਡਾ. ਜਗਤਾਰ ਸਿੰਘ

ਅੰਬੇਡਕਰਵਾਦ ਸਮਾਨਤਾ ਅਧਾਰਿਤ ਅਤੇ ਬ੍ਰਾਹਮਣਵਾਦ ਅਸਮਾਨਤਾ ਅਧਾਰਿਤ ਵਿਵਸਥਾ, ਸਮਾਨਤਾ ਸਥਾਪਿਤ ਕਰਨਾ ਹੀ ਸਾਰੀਆਂ ਬਿਮਾਰੀਆਂ ਦਾ ਇਲਾਜ ਹੈ



(Google pay 91-9463601616 HARDIP SINGH STATE BANK OF INDIA ACCT NO-10566643658 . IFSC- SBIN0050773

## ਆਗਾਮੀ ਵਿਧਾਨ ਸਭਾ ਸੈਸ਼ਨ ਵਿੱਚ ਆਫ਼ਤ ਪ੍ਰਬੰਧਨ ਫੰਡਾਂ ਨਾਲ ਸਬੰਧਤ ਮੁੱਦਿਆਂ `ਤੇ ਹੋਵੇਗੀ ਚਰਚਾ : ਹਰਪਾਲ ਸਿੰਘ ਚੀਮਾ

### ਵਿੱਤ ਮੰਤਰੀ ਨੇ ਹੜ੍ਹ ਪ੍ਰਭਾਵਿਤ ਖੇਤਰਾਂ ਲਈ ਤਿੰਨ ਐਂਬੂਲੈਂਸਾਂ ਨੂੰ ਦਿੱਤੀ ਹਰੀ ਝੰਡੀ, ਰੰਗਲਾ ਪੰਜਾਬ ਚੜ੍ਹਦੀ ਕਲਾ ਫੰਡ ਜੁਟਾਉਣ ਸਬੰਧੀ ਮੁਹਿੰਮ ਨੂੰ ਵਿਸ਼ਵ ਪੱਧਰ `ਤੇ ਮਿਲਿਆ ਭਰਵਾਂ ਹੁੰਗਾਰਾ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 19 ਸਤੰਬਰ INTERNATIONAL PAPER, 94636 01616 hardipchumber57@gmail.com

ਪੰਜਾਬ ਦੇ ਵਿੱਤ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਅੱਜ ਹੜ੍ਹ ਪ੍ਰਭਾਵਿਤ ਖੇਤਰਾਂ ਦੇ ਲੋਕਾਂ ਨੂੰ ਡਾਕਟਰੀ ਸੇਵਾਵਾਂ ਪ੍ਰਦਾਨ ਕਰਨ ਲਈ ਮੋਹਾਲੀ ਤੋਂ ਤਿੰਨ ਐਂਬੂਲੈਂਸਾਂ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ।

ਉਨ੍ਹਾਂ ਦੱਸਿਆ ਕਿ ਅਗਲੇ 45 ਦਿਨਾਂ ਲਈ ਮੁਫ਼ਤ ਡਾਕਟਰੀ ਜਾਂਚ ਕੀਤੀ ਜਾਵੇਗੀ ਅਤੇ ਦਵਾਈਆਂ ਵੰਡੀਆਂ ਜਾਣਗੀਆਂ ਅਤੇ ਗੰਭੀਰ ਮਾਮਲਿਆਂ ਵਾਲੇ ਮਰੀਜ਼ਾਂ ਨੂੰ ਇਲਾਜ ਲਈ ਨੇੜਲੇ ਸਿਹਤ ਸੰਭਾਲ ਕੇਂਦਰਾਂ ਵਿੱਚ ਭੇਜਿਆ ਜਾਵੇਗਾ।





ਵਿੱਤ ਮੰਤਰੀ ਨੇ ਭਰੋਸਾ ਦਿੱਤਾ ਕਿ ਪੰਜਾਬ ਸਰਕਾਰ ਵੱਲੋਂ ਪੰਜਾਬ ਨੂੰ ਮਜ਼ਬੂਤ ਅਤੇ ਖੁਸ਼ਹਾਲ ਬਣਾਉਣ ਦੇ ਇਰਾਦੇ ਨਾਲ ਹੜ੍ਹ ਪ੍ਰਭਾਵਿਤ ਵਿਅਕਤੀਆਂ ਦੀ ਸਹਾਇਤਾ ਲਈ ਸਾਰੇ ਸੰਭਵ ਕਦਮ ਚੁੱਕੇ ਜਾਣਗੇ।

ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਅੱਜ ਫ਼ਾਜ਼ਿਲਕਾ ਜ਼ਿਲ੍ਹੇ ਦਾ ਦੌਰਾ ਕੀਤਾ ਅਤੇ ਰਾਹਤ ਕਾਰਜਾਂ ਦਾ ਜਾਇਜ਼ਾ ਲਿਆ । ਉਨ੍ਹਾਂ ਕਿਹਾ ਕਿ ਸਾਡੀ ਸਰਕਾਰ ਨੇ 45 ਦਿਨਾਂ ਦੇ ਅੰਦਰ ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚ ਜੀਵਨ ਨੂੰ ਮੁੜ ਲੀਹ `ਤੇ ਲਿਆਉਣ ਦਾ ਟੀਚਾ ਰੱਖਿਆ ਹੈ। ਅਸੀਂ ,ਕਿਸੇ ਵੀ ਗੰਭੀਰ ਬਿਮਾਰੀ ਦੇ ਫੈਲਾਅ ਨੂੰ ਰੋਕਣ ਲਈ ਪੂਰੀ ਤਰ੍ਹਾਂ ਚੌਕਸ ਹਾਂ । ਉਨ੍ਹਾਂ ਜ਼ਿਲ੍ਹੇ ਦੇ ਗੈਰ-ਸਰਕਾਰੀ ਸੰਗਠਨਾਂ ਨਾਲ ਵੀ ਮੀਟਿੰਗ ਕੀਤੀ ਅਤੇ ਹੜ੍ਹ ਸੰਕਟ ਦੌਰਾਨ ਜਨਤਕ ਸੇਵਾ ਵਿੱਚ ਨਿਭਾਈ ਗਈ ਭੂਮਿਕਾ ਦੀ ਪ੍ਰਸ਼ੰਸਾ ਕੀਤੀ।

ਡਾ. ਬਲਬੀਰ ਸਿੰਘ ਨੇ ਮਿਸ਼ਨ ਚੜ੍ਹਦੀ ਕਲਾ ਬਾਰੇ ਜਾਣਕਾਰੀ ਸਾਂਝੀ ਕਰਦਿਆਂ ਕਿਹਾ ਕਿ ਸਾਡੇ ਪੰਜਾਬੀ ਹਮੇਸ਼ਾ ਦੂਜਿਆਂ ਦੀ ਮਦਦ ਕਰਨ ਲਈ ਜਾਣੇ ਜਾਂਦੇ ਹਨ। ਉਨ੍ਹਾਂ ਕਿਹਾ ਕਿ ਵੈੱਬਸਾਈਟ ... ਤੇ ਜਾ ਕੇ ਦਾਨ ਦਿੱਤਾ ਜਾ ਸਕਦਾ ਹੈ। ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਸਰਕਾਰ ਇਹ ਰਕਮ ਹੜ੍ਹ ਰਾਹਤ ਕਾਰਜਾਂਤੇ ਖਰਚ ਕਰੇਗੀ। ਉਨ੍ਹਾਂ ਨੇ ਗੈਰ-ਸਰਕਾਰੀ ਸੰਗਠਨਾਂ ਨੂੰ ਅਪੀਲ ਕੀਤੀ ਕਿ ਲੋਕਾਂ ਦੇ ਮਾਨਸਿਕ ਅਤੇ ਸਮਾਜਿਕ ਪੱਧਰ ਨੂੰ ਉੱਚਾ ਚੁੱਕਣ ਲਈ ਇੱਕ ਪਿੰਡ ਗੋਦ ਲੈਣ ।

## ਹਿਮਾਚਲ ਦੇ ਕਿਨੌਰ 'ਚ ਫਟਿਆ ਬੱਦਲ, ਸ਼ਿਮਲਾ 'ਚ ਖਿਸਕੀ ਜ਼ਮੀਨ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 19 ਸਤੰਬਰ INTERNATIONAL PAPER, 94636 01616 hardipchumber57@gmail.com

ਹਿਮਾਚਲ ਪ੍ਰਦੇਸ਼ ਦੇ ਕਿਨੌਰ ਦੇ ਥਾਚ ਪਿੰਡ ਵਿਚ ਵੀਰਵਾਰ ਦੇਰ ਰਾਤ ਬੱਦਲ ਫਟਣ ਨਾਲ ਕਾਫ਼ੀ ਨੁਕਸਾਨ ਹੋਇਆ। ਬੱਦਲ ਫਟਣ ਤੋਂ ਬਾਅਦ ਆਏ ਹੜ੍ਹ ਦੇ ਪਾਣੀ ਵਿੱਚ ਦੋ ਵਾਹਨ ਵਹਿ ਗਏ। ਪਿੰਡ ਵਾਸੀਆਂ ਦੀ ਜ਼ਮੀਨ ਨੂੰ ਵੀ ਨੁਕਸਾਨ ਪਹੁੰਚਿਆ। ਲੋਕ ਰਾਤੋ-ਰਾਤ ਆਪਣੇ ਘਰ ਛੱਡ ਕੇ ਸੁਰੱਖਿਅਤ ਥਾਵਾਂ 'ਤੇ ਚਲੇ ਗਏ।

ਸ਼ਿਮਲਾ ਦੇ ਐਡਵਰਡ



ਸਕੂਲ ਨੇੜੇ ਰਾਤ ਭਰ ਜ਼ਮੀਨ ਖਿਸਕਣ ਦੀਆਂ ਘਟਨਾਵਾਂ ਵਾਪਰੀਆਂ। ਸ਼ਿਮਲਾ ਦੀ ਜੀਵਨ ਰੇਖਾ ਵਜੋਂ ਜਾਣੀ ਜਾਂਦੀ ਸਰਕੂਲਰ ਰੋਡ ਨੂੰ ਆਵਾਜਾਈ ਲਈ ਬੰਦ ਕਰ ਦਿੱਤਾ ਗਿਆ ਹੈ। ਸ਼ਿਮਲਾ ਦੇ ਡਿਪਟੀ ਕਮਿਸ਼ਨਰ ਨੇ ਸੁਰੱਖਿਆ ਕਾਰਨਾਂ ਕਰਕੇ ਐਡਵਰਡ ਸਕੂਲ ਵਿਚ ਅੱਜ ਅਤੇ ਕੱਲ੍ਹ ਲਈ ਛੁੱਟੀ ਦਾ ਐਲਾਨ ਕੀਤਾ ਹੈ।

ਕੱਲ੍ਹ ਸ਼ਾਮ, ਸ਼ਿਮਲਾ ਦੇ ਕੁਮਾਰਸੈਨ ਦੀ ਕਰੇਵਤੀ ਪੰਚਾਇਤ ਵਿਚ ਇਕ ਤਿੰਨ ਮੰਜ਼ਿਲਾ ਘਰ ਜ਼ਮੀਨ ਖਿਸਕਣ ਕਾਰਨ ਢਹਿ ਗਿਆ। ਕਾਂਗੜਾ ਅਤੇ ਹਮੀਰਪੁਰ ਵਿਚ ਵੀ ਰਾਤ ਭਰ ਭਾਰੀ ਮੀਂਹ ਪਿਆ।

ਮੌਸਮ ਵਿਭਾਗ ਨੇ ਅੱਜ ਤੋਂ ਮਾਨਸੂਨ ਦੇ ਕਮਜ਼ੋਰ ਪੈਣ ਦੀ ਭਵਿੱਖਬਾਣੀ ਕੀਤੀ ਹੈ। ਹਾਲਾਂਕਿ, ਸ਼ਿਮਲਾ ਸਮੇਤ ਰਾਜ ਦੇ ਜ਼ਿਆਦਾਤਰ ਹਿੱਸਿਆਂ ਵਿੱਚ ਮੌਸਮ ਖ਼ਰਾਬ ਬਣਿਆ ਹੋਇਆ ਹੈ। ਅਗਲੇ ਪੰਜ ਦਿਨਾਂ ਦੌਰਾਨ ਰਾਜ ਵਿਚ ਕੁਝ ਥਾਵਾਂ 'ਤੇ ਹਲਕੀ ਬੂੰਦਾ-ਬਾਂਦੀ ਹੋ ਸਕਦੀ ਹੈ। ਕਿਸੇ ਵੀ ਜ਼ਿਲ੍ਹੇ ਨੇ ਭਾਰੀ ਮੀਂਹ ਦੀ ਚੇਤਾਵਨੀ ਜਾਰੀ ਨਹੀਂ ਕੀਤੀ ਹੈ।

## ਪਰਵਾਸੀਆਂ ਖ਼ਿਲਾਫ਼ ਅਮਰੀਕਾ, ਆਸਟ੍ਰੇਲੀਆ, ਨਿਊਜ਼ੀਲੈਂਡ ਸਣੇ ਵੱਖ-ਵੱਖ ਦੇਸ਼ਾਂ 'ਚ ਮੁਜ਼ਾਹਰੇ ਕਿਉਂ ਹੋ ਰਹੇ ਹਨ,

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 19 ਸਤੰਬਰ INTERNATIONAL PAPER, 94636 01616 hardipchumber57@gmail.com

ਅਮਰੀਕਾ, ਆਸਟ੍ਰੇਲੀਆ, ਨਿਊਜ਼ੀਲੈਂਡ, ਬ੍ਰਿਟੇਨ ਤੇ ਯੂਰਪ ਦੇ ਹੋਰ ਦੇਸ਼ਾਂ ਵਿੱਚ ਪਰਵਾਸੀਆਂ ਖਿਲਾਫ਼ ਵੱਡੇ ਪੱਧਰ ਉੱਤੇ ਰੋਸ ਪ੍ਰਦਰਸ਼ਨ ਹੋਏ ਅਤੇ ਸ਼ਾਇਦ ਇਸ ਸੂਚੀ ਵਿੱਚ ਹੋਰ ਦੇਸ਼ਾਂ ਦੇ ਨਾਮ ਵੀ ਜੁੜ ਜਾਣ।

ਇਨ੍ਹਾਂ ਰੋਸ ਮੁਜ਼ਾਹਰਿਆਂ ਵਿੱਚ ਹਿੱਸਾ ਲੈ ਰਹੇ ਲੋਕਾਂ ਦੀ ਮੰਗ ਹੈ ਕਿ ਪਰਵਾਸ ਤੇ ਪਰਵਾਸੀਆਂ ਨੂੰ ਰੋਕਿਆ ਜਾਵੇ।

ਇਹ ਉਹੀ ਦੇਸ਼ ਨੇ ਜਿਨ੍ਹਾਂ ਨੇ ਪਿਛਲੇ ਕੁਝ ਦਹਾਕਿਆਂ ਵਿੱਚ ਮੁੱਖ ਤੌਰ ਉੱਤੇ ਪਰਵਾਸੀਆਂ ਲਈ ਉਦਾਰਵਾਦੀ ਨੀਤੀਆਂ ਅਪਣਾਈਆਂ ਤੇ ਵੱਡੀ ਗਿਣਤੀ ਵਿੱਚ ਦੂਜੇ ਦੇਸ਼ਾਂ ਦੇ ਲੋਕਾਂ ਨੂੰ ਆਪਣੇ ਦੇਸ਼ ਦੀ ਨਾਗਰਿਕਤਾ ਦਿੱਤੀ।

ਇਹੀ ਨਹੀਂ ਕਿ ਸਿਰਫ਼ ਇਨ੍ਹਾਂ ਦੇਸ਼ਾਂ ਦੀਆਂ ਸਰਕਾਰਾਂ ਵੱਲੋਂ ਸਭ ਕੁਝ ਦਿੱਤਾ ਗਿਆ। ਪਰਵਾਸੀਆਂ ਨੇ ਵੀ ਇਨ੍ਹਾਂ ਵਿਕਸਿਤ ਦੇਸ਼ਾਂ ਦੇ ਅਰਥਚਾਰੇ ਦੀ ਮਜ਼ਬੂਤੀ ਵਿੱਚ ਅਹਿਮ ਭੂਮਿਕਾ ਨਿਭਾਈ।

ਇਨ੍ਹਾਂ ਦੇਸ਼ਾਂ ਵਿੱਚ ਅਜਿਹੇ ਲੋਕ ਵੀ ਹਨ ਜੋ ਪਰਵਾਸੀਆਂ ਦੀ ਹਮਾਇਤ ਵਿੱਚ ਵੀ ਹਨ ਪਰ ਹੁਣ ਦੁਨੀਆਂ ਦੇ ਇਨ੍ਹਾਂ ਵੱਡੇ ਤੇ ਵਿਕਸਿਤ ਦੇਸ਼ਾਂ ਵਿੱਚ ਪਰਵਾਸੀਆਂ ਖ਼ਿਲਾਫ਼ ਅਵਾਜ਼ ਬੁਲੰਦ ਹੋਣ ਲੱਗੀ ਹੈ।

ਇਸ ਰਿਪੋਰਟ ਵਿੱਚ ਅਸੀਂ ਦੁਨੀਆਂ ਦੇ ਵੱਖ-ਵੱਖ ਦੇਸ਼ਾਂ ਵਿੱਚ ਪਰਵਾਸੀਆਂ ਖ਼ਿਲਾਫ਼





ਮੁਜ਼ਾਹਰਿਆਂ ਵਿੱਚ ਹਿੱਸਾ ਲੈ ਰਹੇ ਲੋਕਾਂ ਦੀ ਮੰਗ ਹੈ ਕਿ ਪਰਵਾਸ ਤੇ ਪਰਵਾਸੀਆਂ ਨੂੰ ਰੋਕਿਆ ਜਾਵੇ

ਹੁੰਦੇ ਮੁਜ਼ਾਹਰਿਆਂ ਦੇ ਉਹ ਤਾਰ ਸਮਝਣ ਦੀ ਕੋਸ਼ਿਸ਼ ਕਰਾਂਗੇ ਜੋ ਇਨ੍ਹਾਂ ਨੂੰ ਆਪਸ ਵਿੱਚ ਜੋੜਦੇ ਹਨ। ਪਹਿਲਾਂ ਸੰਖੇਪ ਵਿੱਚ ਜਾਣਦੇ ਹਾਂ ਕਿ ਰੋਸ ਪ੍ਰਦਰਸ਼ਨ ਦਾ ਸਰੂਪ ਕਿਹੜੇ ਦੇਸ਼ ਵਿੱਚ ਕਿਹੋ ਜਿਹਾ ਰਿਹਾ ਹੈ।

ਇਸ ਰਿਪੋਰਟ ਵਿੱਚ ਅਸੀਂ ਦੁਨੀਆਂ ਦੇ ਵੱਖ-ਵੱਖ ਦੇਸ਼ਾਂ ਵਿੱਚ ਪਰਵਾਸੀਆਂ ਖ਼ਿਲਾਫ਼ ਹੁੰਦੇ ਮੁਜ਼ਾਹਰਿਆਂ ਦੇ ਉਹ ਤਾਰ ਸਮਝਣ ਦੀ ਕੋਸ਼ਿਸ਼ ਕਰਾਂਗੇ ਜੋ ਇਨ੍ਹਾਂ ਨੂੰ ਆਪਸ ਵਿੱਚ ਜੋੜਦੇ ਹਨ। ਪਹਿਲਾਂ ਸੰਖੇਪ ਵਿੱਚ ਜਾਣਦੇ ਹਾਂ ਕਿ ਰੋਸ ਪ੍ਰਦਰਸ਼ਨ ਦਾ ਸਰੂਪ ਕਿਹੜੇ ਦੇਸ਼ ਵਿੱਚ ਕਿਹੋ ਜਿਹਾ ਰਿਹਾ ਹੈ।

### ਕਿਹੜੇ ਦੇਸ਼ਾਂ ਵਿੱਚ ਹੋਏ ਵੱਡੇ ਮੁਜ਼ਾਹਰੇ

31 ਅਗਸਤ ਨੂੰ ਆਸਟ੍ਰੇਲੀਆ ਵਿੱਚ ਦੇਸ਼ ਭਰ ਵਿੱਚ ਪਰਵਾਸ ਵਿਰੋਧੀ ਰੈਲੀਆਂ ਦੌਰਾਨ ਸੜਕਾਂ 'ਤੇ ਉੱਤਰੇ।

'ਮਾਰਚ ਫ਼ਾਰ ਆਸਟ੍ਰੇਲੀਆ' ਨਾਮ ਹੇਠ ਸਿਡਨੀ, ਮੈਲਬਰਨ ਅਤੇ ਹੋਰ ਵੱਡੇ ਸ਼ਹਿਰਾਂ ਵਿੱਚ ਹੋਈਆਂ ਰੈਲੀਆਂ 'ਚ ਪ੍ਰਦਰਸ਼ਨਕਾਰੀਆਂ ਨੇ ਆਸਟ੍ਰੇਲੀਆ ਦੇ ਝੰਡੇ ਅਤੇ ਹੱਥਾਂ ਵਿੱਚ ਪਰਵਾਸ ਵਿਰੋਧੀ ਬੈਨਰ ਫੜੇ ਹੋਏ ਸਨ।

ਹਾਲਾਂਕਿ, ਆਸਟ੍ਰੇਲੀਆ ਦੀ ਸਰਕਾਰ ਨੇ ਇਨ੍ਹਾਂ ਮੁਜ਼ਾਹਰਿਆਂ ਦੀ ਇਹ ਕਹਿੰਦਿਆਂ ਨਿੰਦਾ ਕੀਤੀ ਕਿ ਇਹ ਮੁਜ਼ਾਹਰਾਕਾਰੀ 'ਨਫ਼ਰਤ ਫੈਲਾਉਣਾ ਚਾਹੁੰਦੇ' ਹਨ ਅਤੇ ਇਨ੍ਹਾਂ ਦੇ 'ਨੀਓ ਨਾਜ਼ੀ ਗਰੁੱਪਾਂ' ਨਾਲ ਸਬੰਧ ਹਨ।

ਜੂਨ 2025 ਵਿੱਚ ਨਿਊਜ਼ੀਲੈਂਡ ਵਿੱਚ ਵੀ ਅਜਿਹੇ ਮੁਜ਼ਾਹਰੇ ਹੋਏ। ਨਿਊਜ਼ੀਲੈਂਡ ਵਿੱਚ ਕੱਟੜਪੰਥੀ ਧਾਰਮਿਕ ਆਗੂ ਬ੍ਰਾਇਨ ਤਾਮਾਕੀ ਦੀ ਅਗਵਾਈ ਵਿੱਚ ਪਰਵਾਸੀਆਂ ਖ਼ਿਲਾਫ਼ ਇੱਕ ਵਿਰੋਧ ਪ੍ਰਦਰਸ਼ਨ ਵਿੱਚ ਹਿੰਦੂ ਧਰਮ ਅਤੇ ਬੁੱਧ ਧਰਮ ਸਮੇਤ ਕਈ ਧਰਮਾਂ ਦੇ ਝੰਡੇ ਸਾੜੇ ਗਏ।

ਹਾਕਾ ਕਰਦੇ ਹੋਏ, ਪ੍ਰਦਰਸ਼ਨਕਾਰੀਆਂ ਨੇ ਪਰਵਾਸੀ ਭਾਈਚਾਰਿਆਂ ਨੂੰ ਨਿਸ਼ਾਨਾ ਬਣਾਇਆ। ਨਿਊਜ਼ੀਲੈਂਡ ਦੇ ਨੇਤਾਵਾਂ ਨੇ ਹਮਲੇ ਦੀ ਨਿੰਦਾ ਕੀਤੀ ਹੈ।

13 ਸਤੰਬਰ ਨੂੰ ਕੈਨੇਡਾ ਦੇ ਟੋਰੰਟੋ ਵਿੱਚ ਬਲੂਰ ਸਟਰੀਟ ਡਬਲਯੂ ਅਤੇ ਕ੍ਰਿਸਟੀ ਸਟਰੀਟ ਦੇ ਕੋਨੇ 'ਤੇ ਪਾਰਕ ਵਿੱਚ ਭੀੜ ਇਕੱਠੀ ਹੋਈ, ਜਿਸ ਨੂੰ 'ਕੈਨੇਡਾ ਫਸਟ ਪੈਟ੍ਰਿਅਟ ਰੈਲੀ' ਕਿਹਾ ਜਾਂਦਾ ਹੈ। ਇੱਕ ਇੰਸਟਾਗ੍ਰਾਮ ਪੋਸਟ ਵਿੱਚ ਇਸਦੇ ਪ੍ਰਬੰਧਕਾਂ ਨੇ ਕਿਹਾ ਕਿ ਉਹ "ਵੱਡੇ ਪੱਧਰ 'ਤੇ ਇਮੀਗ੍ਰੇਸ਼ਨ" ਨੂੰ ਰੋਕਣ ਦੀ ਮੰਗ ਕਰ ਰਹੇ ਹਨ।

ਪਰਵਾਸੀ ਭਾਈਚਾਰਿਆਂ ਲਈ ਸਮਰਥਨ ਦਿਖਾਉਣ ਦੇ ਉਦੇਸ਼ ਨਾਲ ਖੇਤਰ ਵਿੱਚ ਇੱਕ ਜਵਾਬੀ ਵਿਰੋਧ ਪ੍ਰਦਰਸ਼ਨ ਵੀ ਕੀਤਾ ਗਿਆ ਸੀ। ਇਹ ਅੰਦਾਜ਼ਾ ਲਗਾਇਆ ਗਿਆ ਹੈ ਕਿ ਉਸ ਵੇਲੇ ਹਜ਼ਾਰਾਂ ਲੋਕ ਪਾਰਕ ਵਿੱਚ ਸਨ।

ਇਸ ਕਰਕੇ ਉਸ ਸਮੇਂ ਤਣਾਅ ਦੇ ਹਾਲਾਤ ਬਣੇ ਸਨ।

ਅਮਰੀਕਾ ਵਿੱਚ ਤਾਂ ਸਮੇਂ-ਸਮੇਂ ਉੱਤੇ ਪਰਵਾਸੀਆਂ ਨੂੰ ਦੇਸ਼ ਤੋਂ ਬਾਹਰ ਕੱਢੇ ਜਾਣ ਦੀ ਮੰਗ ਨੂੰ ਲੈ ਕੇ ਪ੍ਰਦਰਸ਼ਨ ਹੁੰਦੇ ਰਹੇ ਹਨ। ਰਾਸ਼ਟਰਪਤੀ ਡੌਨਲਡ ਟਰੰਪ ਤਾਂ ਗ਼ੈਰ-ਕਾਨੂੰਨੀ ਪਰਵਾਸੀਆਂ ਖ਼ਿਲਾਫ਼ ਕਾਫੀ ਖੁੱਲ੍ਹ ਕੇ ਬੋਲਦੇ ਰਹੇ ਹਨ।

ਲੰਡਨ ਵਿੱਚ 13 ਸਤੰਬਰ ਨੂੰ ਪਰਵਾਸੀਆਂ ਖ਼ਿਲਾਫ਼ ਹੋਏ ਮੁਜ਼ਾਹਰਿਆਂ ਨੇ ਤਾਂ ਸਾਰਿਆਂ ਨੂੰ ਹੈਰਾਨ ਕਰ ਦਿੱਤਾ। ਇਸ ਨੂੰ ਯੂਕੇ ਦਾ ਸਭ ਤੋਂ ਵੱਡਾ ਪਰਵਾਸੀਆਂ ਖ਼ਿਲਾਫ਼ ਮੁਜ਼ਾਹਰਾ ਕਰਾਰ ਦਿੱਤਾ ਗਿਆ।

ਸੱਜੇ-ਪੱਖੀ ਕਾਰਕੁਨ ਟੌਮੀ ਰੌਬਿਨਸਨ ਵੱਲੋਂ ਪ੍ਰਬੰਧਿਤ 'ਯੂਨਾਈਟ ਦਿ ਕਿੰਗਡਮ' ਮਾਰਚ ਲਈ 1,10,000 ਤੋਂ ਵੱਧ ਲੋਕ ਕੇਂਦਰੀ ਲੰਡਨ ਵਿੱਚ ਇਕੱਠੇ ਹੋਏ।

ਦੁਨੀਆਂ ਦੇ ਵੱਡੇ ਮੁਲਕਾਂ ਵਿੱਚ ਇੱਕੋ ਮੁੱਦੇ 'ਤੇ ਹੀ ਇੰਨੇ ਵੱਡੇ ਪੱਧਰ ਉੱਤੇ ਰੋਸ ਮੁਜ਼ਾਹਰੇ ਹੋ ਰਹੇ ਹਨ। ਇਨ੍ਹਾਂ ਵਿੱਚ ਕੁਝ ਗੱਲਾਂ ਸਾਂਝੀਆਂ ਹਨ ਜੋ ਇਸ ਪੂਰੇ ਮਸਲੇ ਨੂੰ ਹੋਰ ਦਿਲਚਸਪ ਬਣਾਉਂਦੀਆਂ ਹਨ।

ਐਵੇਂ ਤਾਂ ਨੀ ਸਿਰਾਂ ਦੇ ਉੱਤੇ ਤਾਜ ਸਜ਼ਦੇ, ਮਿਹਨਤਾਂ ਹੀ, ਜ਼ਿੰਦਗੀ ਚ ਰੰਗ ਲਾਉਂਦੀਆਂ।
ਸੁੱਤਿਆਂ ਦੇ ਸਿਰਾਂ ਤੇ ਨੀ ਤਾਜ ਸਜ਼ਦੇ, ਮਿਹਨਤਾਂ ਹੀ, ਜ਼ਿੰਦਗੀ ਚ ਰੰਗ ਲਾਉਂਦੀਆਂ।
ਜਿਹਨਾਂ ਦਿਆਂ ਸਿਰਾਂ ਤੇ ਜਨੂੰਨ ਬੋਲਦਾ, ਰਾਤਾਂ ਨੂੰ ਨਾਂ, ਉਹਨਾਂ ਨੂੰ ਨੀਂਦਾਂ ਆਉਂਦੀਆਂ।

# ਮੁੱਖ ਮੰਤਰੀ ਵੱਲੋਂ ਆੜ੍ਹਤੀਆਂ ਦੀਆਂ ਮੰਗਾਂ ਨੂੰ ਭਾਰਤ ਸਰਕਾਰ ਕੋਲ ਜ਼ੋਰਦਾਰ ਢੰਗ ਨਾਲ ਉਠਾਉਣ ਦਾ ਭਰੋਸਾ

## ਖ਼ਰੀਦ ਪ੍ਰਕਿਰਿਆ ਵਿੱਚ ਉਨ੍ਹਾਂ ਦੀ ਅਹਿਮ ਭੂਮਿਕਾ ਦੀ ਕੀਤੀ ਸ਼ਲਾਘਾ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 19 ਸਤੰਬਰ
INTERNATIONAL PAPER, 94636 01616
hardipchumber57@gmail.com

ਚੰਡੀਗੜ੍ਹ: ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਆੜ੍ਹਤੀਆਂ ਦੇ ਹਿੱਤਾਂ ਦੀ ਰਾਖੀ ਪ੍ਰਤੀ ਸੂਬਾ ਸਰਕਾਰ ਦੀ ਵਚਨਬੱਧਤਾ ਦੁਹਰਾਉਂਦਿਆਂ ਅੱਜ ਕਿਹਾ ਕਿ ਸੂਬਾ ਸਰਕਾਰ ਵੱਲੋਂ ਉਨ੍ਹਾਂ ਦੀਆਂ ਜਾਇਜ਼ ਮੰਗਾਂ ਨੂੰ ਭਾਰਤ ਸਰਕਾਰ ਕੋਲ ਜ਼ੋਰਦਾਰ ਢੰਗ ਨਾਲ ਉਠਾਇਆ ਜਾਵੇਗਾ।

ਇੱਥੇ ਆੜ੍ਹਤੀਆਂ ਨਾਲ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਉਨ੍ਹਾਂ ਦੀਆਂ ਜਾਇਜ਼ ਮੰਗਾਂ ਨੂੰ ਪੂਰੀ ਗੰਭੀਰਤਾ ਨਾਲ ਹੱਲ ਕਰਨ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਆੜ੍ਹਤੀਆਂ ਦੀਆਂ ਜ਼ਿਆਦਾਤਰ ਮੰਗਾਂ ਕੇਂਦਰ ਸਰਕਾਰ ਦੇ ਦਾਇਰੇ ਅਧੀਨ ਆਉਂਦੀਆਂ ਹਨ ਅਤੇ ਜਿਨ੍ਹਾਂ ਵੱਲ ਕੇਂਦਰ ਸਰਕਾਰ ਵੱਲੋਂ ਧਿਆਨ ਨਹੀਂ ਦਿੱਤਾ ਜਾ ਰਿਹਾ। ਭਗਵੰਤ ਸਿੰਘ ਮਾਨ ਨੇ ਭਰੋਸਾ ਦਿੱਤਾ ਕਿ ਉਨ੍ਹਾਂ ਦੀ ਸਰਕਾਰ ਆੜ੍ਹਤੀਆਂ ਦੀ ਆਵਾਜ਼ ਬਣੇਗੀ ਅਤੇ ਉਨ੍ਹਾਂ ਦੇ ਮੁੱਦਿਆਂ ਨੂੰ ਕੇਂਦਰ ਕੋਲ ਜ਼ੋਰਦਾਰ ਢੰਗ ਨਾਲ ਉਠਾਏਗੀ।

ਮੁੱਖ ਮੰਤਰੀ ਨੇ ਕਿਹਾ ਕਿ ਆੜ੍ਹਤੀਆਂ ਦੇ ਕਮਿਸ਼ਨ ਵਿੱਚ ਵਾਧਾ ਕਰਨ ਦਾ ਮਾਮਲਾ ਪਹਿਲਾਂ ਹੀ ਕੇਂਦਰ ਸਰਕਾਰ ਕੋਲ ਉਠਾਇਆ ਜਾ ਚੁੱਕਾ ਹੈ। ਉਨ੍ਹਾਂ ਨੇ ਆੜ੍ਹਤੀਆਂ ਦੀ ਭੂਮਿਕਾ ਨੂੰ ਅਹਿਮੀਅਤ ਨਾ ਦੇਣ ਕਾਰਨ ਕੇਂਦਰ ਦੀ ਆਲੋਚਨਾ ਕੀਤੀ ਅਤੇ ਕਿਹਾ ਕਿ ਆੜ੍ਹਤੀਏ ਖ਼ਰੀਦ ਕਾਰਜਾਂ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ। ਭਗਵੰਤ ਸਿੰਘ ਮਾਨ ਨੇ ਆੜ੍ਹਤੀਆਂ ਦੇ ਯੋਗਦਾਨ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਨੂੰ ਪੂਰੀ ਖ਼ਰੀਦ ਪ੍ਰਕਿਰਿਆ ਦਾ ਥੰਮ੍ਹ ਦੱਸਿਆ।

ਆੜ੍ਹਤੀਆਂ ਦੀ ਅਹਿਮੀਅਤ ਉਜਾਗਰ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਆੜ੍ਹਤੀਏ ਕਿਸਾਨਾਂ ਦੇ ਬਿਨਾਂ ਤਨਖਾਹ ਵਾਲੇ ਚਾਰਟਰਡ ਅਕਾਊਂਟੈਂਟ ਹੁੰਦੇ ਹਨ, ਜੋ ਫਸਲ ਦੀ ਪੈਦਾਵਾਰ ਅਤੇ ਵਿੱਤੀ ਲੈਣ-ਦੇਣ ਦੇ ਵਿਸਤ੍ਰਿਤ ਰਿਕਾਰਡ ਰੱਖਦੇ ਹਨ। ਆਪਣੇ ਜੱਦੀ ਜ਼ਿਲ੍ਹੇ ਸੰਗਰੂਰ ਵਿੱਚ ਆੜ੍ਹਤੀਆਂ ਨਾਲ ਆਪਣੇ ਨਿੱਜੀ ਤਜਰਬੇ ਯਾਦ ਕਰਦਿਆਂ ਉਨ੍ਹਾਂ ਕਿਹਾ ਕਿ ਉਹ ਖ਼ਰੀਦ ਪ੍ਰਕਿਰਿਆ ਦਾ ਮਹੱਤਵਪੂਰਨ ਅੰਗ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬਾ ਸਰਕਾਰ ਕੇਂਦਰ ਸਰਕਾਰ ਤਰਫੋਂ ਅਨਾਜ ਖਰੀਦਦੀ ਹੈ ਅਤੇ ਸਾਉਣੀ ਮੰਡੀਕਰਨ ਸੀਜ਼ਨ 2025-26 ਦੌਰਾਨ ਸੁਚਾਰੂ ਅਤੇ ਨਿਰਵਿਘਨ ਖ਼ਰੀਦ ਪ੍ਰਕਿਰਿਆ ਯਕੀਨੀ ਬਣਾਉਣ ਲਈ ਵਚਨਬੱਧ ਹੈ।

ਹਾਲ ਹੀ ਵਿੱਚ ਆਏ ਹੜ੍ਹਾਂ ਕਾਰਨ ਹੋਏ ਭਿਆਨਕ ਨੁਕਸਾਨ ਬਾਰੇ ਗੱਲ ਕਰਦਿਆਂ ਉਨ੍ਹਾਂ ਕਿਹਾ ਕਿ 2300 ਤੋਂ ਵੱਧ ਪਿੰਡ ਡੁੱਬ ਗਏ ਹਨ, ਜਿਸ ਨਾਲ 20 ਲੱਖ ਤੋਂ ਵੱਧ ਲੋਕ ਪ੍ਰਭਾਵਿਤ ਹੋਏ ਹਨ ਅਤੇ ਪੰਜ ਲੱਖ ਏਕੜ ਰਕਬੇ ਵਿੱਚ ਫਸਲਾਂ ਤਬਾਹ ਹੋ ਗਈਆਂ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਦੁੱਖ ਵਾਲੀ ਗੱਲ ਇਹ ਹੈ ਕਿ ਇਸ ਦੌਰਾਨ 56 ਜਾਨਾਂ ਚਲੀਆਂ ਗਈਆਂ ਅਤੇ ਲਗਪਗ ਸੱਤ ਲੱਖ ਲੋਕ ਬੇਘਰ ਹੋ ਗਏ ਅਤੇ ਬੁਨਿਆਦੀ ਢਾਂਚੇ ਨੂੰ ਵੀ ਭਾਰੀ ਨੁਕਸਾਨ ਪਹੁੰਚਿਆ।

ਮੁੱਖ ਮੰਤਰੀ ਨੇ ਕਿਹਾ ਕਿ 3,200 ਸਰਕਾਰੀ ਸਕੂਲ, 19 ਕਾਲਜ, 1,400 ਕਲੀਨਿਕ ਅਤੇ ਹਸਪਤਾਲ ਨੁਕਸਾਨੇ ਗਏ ਹਨ। ਇਸ ਦੇ ਨਾਲ ਹੀ 8,500 ਕਿਲੋਮੀਟਰ ਸੜਕਾਂ ਅਤੇ 2,500 ਪੁਲ ਵੀ ਨੁਕਸਾਨੇ ਗਏ ਹਨ। ਉਨ੍ਹਾਂ ਕਿਹਾ ਕਿ ਸ਼ੁਰੂਆਤੀ ਅੰਦਾਜ਼ੇ ਮੁਤਾਬਕ ਲਗਪਗ 13,800 ਕਰੋੜ ਰੁਪਏ ਦਾ ਨੁਕਸਾਨ ਹੋਇਆ ਹੈ, ਹਾਲਾਂਕਿ ਅਸਲ ਅੰਕੜਾ ਇਸ ਤੋਂ ਵੀ ਵੱਧ ਹੋ ਸਕਦਾ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਸਮੇਂ ਸੂਬਾ ਸੰਕਟ ਵਿੱਚ ਹੈ ਅਤੇ ਬਦਕਿਸਮਤੀ ਨਾਲ ਕੇਂਦਰ ਸਰਕਾਰ ਵੱਲੋਂ ਕਿਸੇ ਵੀ ਵਿੱਤੀ ਸਹਾਇਤਾ ਦੀ ਉਮੀਦ ਨਹੀਂ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਹੜ੍ਹਾਂ ਵਿੱਚ ਸਹਾਇਤਾ ਲਈ ਦੁਨੀਆ ਭਰ ਵਸਦੇ ਪੰਜਾਬੀਆਂ ਤੱਕ ਪਹੁੰਚ ਬਣਾਉਣ ਲਈ ਸੂਬਾ ਸਰਕਾਰ ਵੱਲੋਂ ਮਿਸ਼ਨ ਚੜ੍ਹਦੀ ਕਲਾ ਦੀ ਸ਼ੁਰੂਆਤ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਲਗਪਗ 1,000 ਵਿਅਕਤੀਆਂ ਨੇ ਪਹਿਲਾਂ ਹੀ ਇਸ ਨੇਕ ਕਾਰਜ ਲਈ ਆਪਣਾ ਸਮਰਥਨ ਦੇਣ ਦਾ ਵਾਅਦਾ ਕੀਤਾ ਹੈ। ਆੜ੍ਹਤੀਆਂ ਨੂੰ ਮੰਡੀਆਂ ਵਿੱਚ ਫ਼ਸਲ ਦੀ ਨਿਰਵਿਘਨ ਖ਼ਰੀਦ ਯਕੀਨੀ ਬਣਾਉਣ ਵਿੱਚ ਆਪਣੀ ਅਹਿਮ ਭੂਮਿਕਾ ਨਿਭਾਉਣ ਦੀ ਅਪੀਲ ਕਰਦਿਆਂ ਭਗਵੰਤ ਸਿੰਘ ਮਾਨ ਨੇ ਕਈ ਅਹਿਮ ਕਦਮਾਂ ਦਾ ਐਲਾਨ ਕੀਤਾ।



ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਵੱਲੋਂ ਆੜ੍ਹਤੀਆਂ ਦੇ ਲਾਇਸੈਂਸਾਂ ਦੀ ਪ੍ਰਮਾਣਿਕਤਾ ਨੂੰ ਪੰਜ ਤੋਂ ਵਧਾ ਕੇ ਦਸ ਸਾਲ ਕੀਤਾ ਜਾਵੇਗਾ ਅਤੇ ਨਵੇਂ ਲਾਇਸੈਂਸ 48 ਘੰਟਿਆਂ ਦੇ ਅੰਦਰ ਜਾਰੀ ਕੀਤੇ ਜਾਣਗੇ। ਉਨ੍ਹਾਂ ਅੱਗੇ ਕਿਹਾ ਕਿ ਜਦੋਂ ਮੰਡੀਆਂ ਅਸਲ ਵਿੱਚ ਸਥਾਪਿਤ ਕੀਤੀਆਂ ਗਈਆਂ ਸਨ, ਉਸ ਸਮੇਂ ਆੜ੍ਹਤੀਆ ਨੂੰ ਅਲਾਟ ਕੀਤੀਆਂ ਦੁਕਾਨਾਂ ਦੀ ਉਸਾਰੀ ਨਾ ਕਰਨ ਨਾਲ ਸਬੰਧਤ ਲੰਬਿਤ ਬਕਾਏ, ਜੁਰਮਾਨੇ ਅਤੇ ਵਿਆਜ ਦਾ ਨਿਪਟਾਰਾ ਕਰਨ ਲਈ ਸਰਕਾਰ ਵੱਲੋਂ ਯਕਮੁਸ਼ਤ ਨਿਬੇੜਾ ਯੋਜਨਾ ਸ਼ੁਰੂ ਕੀਤੀ ਜਾਵੇਗੀ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬਾ ਸਰਕਾਰ ਸੂਬੇ ਦੇ ਕਿਸਾਨਾਂ ਦੀ ਭਲਾਈ ਲਈ ਵਚਨਬੱਧ ਹੈ ਅਤੇ ਇਸ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ।

# ਪੰਜਾਬ ਦੇ ਇਕ ਜ਼ਿਲ੍ਹੇ ’ਚ 23 ਸਤੰਬਰ ਮੰਗਲਵਾਰ ਦੀ ਛੁੱਟੀ ਦਾ ਐਲਾਨ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 19 ਸਤੰਬਰ
INTERNATIONAL PAPER, 94636 01616
hardipchumber57@gmail.com

ਪੰਜਾਬ ਦੇ ਇਕ ਜ਼ਿਲ੍ਹੇ ਵਿੱਚ 23 ਸਤੰਬਰ 2025 ਦਿਨ ਮੰਗਲਵਾਰ ਨੂੰ ਛੁੱਟੀ ਦਾ ਐਲਾਨ ਕੀਤਾ ਗਿਆ ਹੈ। ਇਸ ਦਿਨ ਜ਼ਿਲ੍ਹੇ ਦੇ ਸਾਰੇ ਸਰਕਾਰੀ ਦਫ਼ਤਰ, ਸਿੱਖਿਆ ਸੰਸਥਾਵਾਂ ਬੰਦ ਰਹਿਣਗੀਆਂ। ਜ਼ਿਲ੍ਹਾ ਡਿਪਟੀ ਕਮਿਸ਼ਨਰ ਫਰੀਦਕੋਟ ਵੱਲੋਂ ਬਾਬਾ ਸ਼ਖੇ ਫਰੀਦ ਜੀ ਦੇ ਆਗਮਨ ਪੂਰਬ ਨੂੰ ਮੁੱਖ ਰੱਖਦੇ ਹੋਏ 23 ਸਤੰਬਰ ਨੂੰ ਛੁੱਟੀ ਦਾ ਐਲਾਨ ਕੀਤਾ ਗਿਆ ਹੈ।

**ਛੁੱਟੀ ਦਾ ਐਲਾਨ**

# ਝੋਨੇ ਦੀ ਕਟਾਈ ਦੇ ਨਾਲ ਹੀ ਪਰਾਲੀ ਸੜਨੀ ਸ਼ੁਰੂ, 32 ਕੇਸ ਸਾਹਮਣੇ ਆਏ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 19 ਸਤੰਬਰ
INTERNATIONAL PAPER, 94636 01616
hardipchumber57@gmail.com

ਪੰਜਾਬ ਵਿੱਚ ਝੋਨੇ ਦੀ ਕਟਾਈ ਦੇ ਨਾਲ ਹੀ ਪਰਾਲੀ ਸਾੜਨ ਦੀ ਸਮੱਸਿਆ ਮੁੜ ਸਿਰ ਚੁੱਕ ਰਹੀ ਹੈ। ਸਿਰਫ਼ ਚਾਰ ਦਿਨਾਂ (15 ਤੋਂ 18 ਸਤੰਬਰ) ਵਿੱਚ 32 ਕੇਸ ਸਾਹਮਣੇ ਆਏ ਹਨ। ਇਹ ਅੰਕੜੇ ਪੰਜਾਬ ਰਿਮੋਟ ਸੈਂਸਿੰਗ ਸੈਂਟਰ (ਪੀਆਰਐੱਸਸੀ) ਵੱਲੋਂ ਜਾਰੀ ਕੀਤੇ ਗਏ ਹਨ। ਹਾਲਾਂਕਿ ਕਾਨੂੰਨ ਅਨੁਸਾਰ ਪਰਾਲੀ ਸਾੜਨ ’ਤੇ



ਐੱਫਆਈਆਰ ਤੇ ਜੁਰਮਾਨੇ ਦੀ ਵਿਵਸਥਾ ਹੈ, ਪਰ ਅਜੇ ਤੱਕ ਕਿਸੇ ਕਿਸਾਨ ’ਤੇ ਕਾਰਵਾਈ ਨਹੀਂ ਹੋਈ।

ਮਲੇਰਕੋਟਲਾ ਦੇ ਮੁਹੰਮਦਪੁਰਾ ਪਿੰਡ ਵਿੱਚ ਵੀ ਪਰਾਲੀ ਸਾੜਨ ਦਾ ਮਾਮਲਾ ਸਾਹਮਣੇ ਆਇਆ। ਖ਼ਾਸ ਗੱਲ ਇਹ ਰਹੀ ਕਿ ਉਸ ਸਮੇਂ ਐੱਸਡੀਐੱਮ ਅਮਰਗੜ੍ਹ ਸੁਰਿੰਦਰ ਕੌਰ ਕਿਸਾਨਾਂ ਨਾਲ ਮੀਟਿੰਗ ਕਰਕੇ ਪਰਾਲੀ ਨਾ ਸਾੜਨ ਦੀ ਅਪੀਲ ਕਰ ਰਹੇ ਸਨ। ਵਾਪਸੀ ਦੌਰਾਨ ਜਦੋਂ ਉਨ੍ਹਾਂ ਨੇ ਇੱਕ ਖੇਤ ਵਿੱਚ ਅੱਗ ਲੱਗੀ ਦੇਖੀ ਤਾਂ ਗੱਡੀ ਰੋਕ ਕੇ ਤਹਿਸੀਲਦਾਰ ਲਵਪ੍ਰੀਤ ਸਿੰਘ, ਅਧਿਕਾਰੀ ਧਰਮ ਤੇ ਪਿੰਡ ਵਾਸੀਆਂ ਦੀ ਮਦਦ ਨਾਲ ਅੱਗ ਬੁਝਾਈ।

ਐੱਸਡੀਐੱਮ ਨੇ ਸਪੱਸ਼ਟ ਕੀਤਾ ਕਿ ਹੁਣ ਜੇਹੜੇ ਕਿਸਾਨ ਪਰਾਲੀ ਸਾੜਦੇ ਫੜੇ ਜਾਣਗੇ, ਉਨ੍ਹਾਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇਗੀ। ਨਾਲ ਹੀ ਉਨ੍ਹਾਂ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਪਰਾਲੀ ਨੂੰ ਅੱਗ ਲਗਾਉਣ ਦੀ ਥਾਂ ਵਾਤਾਵਰਣ-ਦੋਸਤ ਵਿਕਲਪ ਵਰਤਣ ਤੇ ਪ੍ਰਸ਼ਾਸਨ ਦਾ ਸਹਿਯੋਗ ਕਰਨ।

# ਸੰਤ ਨਿਰੰਕਾਰੀ ਮਿਸ਼ਨ ਦੀ ਬ੍ਰਾਂਚ ਹਰਿਆਣਾ ਦੇ ਸੇਵਾਦਾਰਾਂ ਨੇ ਕੀਤਾ ਖ਼ੂਨਦਾਨ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 19 ਸਤੰਬਰ
INTERNATIONAL PAPER, 94636 01616
hardipchumber57@gmail.com

ਹੁਸ਼ਿਆਰਪੁਰ / ਹਰਿਆਣਾ,19 ਸਤੰਬਰ (ਤਰਸੇਮ ਦੀਵਾਨਾ)-ਸਤਿਗੁਰੂ ਮਾਤਾ ਸੁਦੀਕਸ਼ਾ ਜੀ ਮਹਾਰਾਜ ਦੇ ਹੁਕਮਾਂ ਤੇ ਅਸ਼ੀਰਵਾਦ ਨਾਲ ਸੰਤ ਨਿਰੰਕਾਰੀ ਮਿਸ਼ਨ ਦੀ ਬ੍ਰਾਂਚ ਹਰਿਆਣਾ ਦੇ ਮੁਖੀ ਬਲਦੇਵ ਸਿੰਘ, ਸੇਵਾਦਲ ਦੇ ਸੰਚਾਲਕ ਮਹਾਤਮਾ ਸੁਰਿੰਦਰ ਪਾਲ ਸਿੰਘ ਅਤੇ ਸਿਖਸ਼ਕ ਬਲਦੇਵ ਰਾਜ ਦੀ ਅਗਵਾਈ ਹੇਠ ਬ੍ਰਾਂਚ ਦੇ



ਸੇਵਾਦਾਰਾਂ ਨੇ ਸੰਤ ਨਿਰੰਕਾਰੀ ਸਤਿਸੰਗ ਭਵਨ ਦਸੂਹਾ ਵਿਖੇ ਲੱਗੇ ਖੂਨਦਾਨ ਕੈਂਪ ਚ ਖੂਨਦਾਨ ਕੀਤਾ। ਇਸ ਮੌਕੇ ਬ੍ਰਾਂਚ ਦੇ ਮੁਖੀ ਮਹਾਤਮਾ ਬਲਦੇਵ ਸਿੰਘ ਤੇ ਸੰਚਾਲਕ ਸੁਰਿੰਦਰ ਪਾਲ ਸਿੰਘ ਨੇ ਕਿਹਾ ਕਿ ਸਤਿਗੁਰੂ ਮਾਤਾ ਸੁਦੀਕਸ਼ਾ ਜੀ ਦੀ ਕਿਰਪਾ ਨਾਲ ਸਤਿਗੁਰੂ ਬਾਬਾ ਹਰਦੇਵ ਸਿੰਘ ਜੀ ਮਹਾਰਾਜ ਜੀ ਦੇ ਕਹੇ ਬਚਨ ਕਿ ਖੂਨ ਨਾਲੀਆਂ ਚ ਨਹੀਂ ਸਗੋਂ ਨਾੜੀਆਂ ਦੇ ਵਿੱਚ ਵਗਣਾ ਚਾਹੀਦਾ ਹੈ ਨੂੰ ਪਹੁਚਾਉਣ ਲਈ ਹਰ ਸਾਲ ਹਜ਼ਾਰਾਂ ਕੈਂਪ ਸੰਤ ਨਿਰੰਕਾਰੀ ਮਿਸ਼ਨ ਵਲੋਂ ਲਗਾਏ ਜਾਂਦੇ ਹਨ ਜਿਸ ਵਿਚ ਹਜ਼ਾਰਾਂ ਯੂਨਿਟ ਖ਼ੂਨਦਾਨ ਕੀਤਾ ਜਾਂਦਾ ਹੈ। 1986 ਤੋਂ ਲਗਾਤਾਰ ਨਿਰੰਕਾਰੀ ਮਿਸ਼ਨ ਖੂਨਦਾਨਾਂ ਦੀ ਲੜੀ ਦੀ ਸ਼ੁਰੂਆਤ ਕਰਕੇ ਹੁਣ ਤੱਕ ਲੱਖਾਂ ਯੂਨਿਟ ਖ਼ੂਨਦਾਨ ਕਰਕੇ ਮਾਨਵਤਾ ਦੀ ਸੇਵਾ ਚ ਯੋਗਦਾਨ ਪਾਇਆ ਜਾ ਚੁੱਕਾ ਹੈ। ਉਨ੍ਹਾਂ ਕਿਹਾ ਕਿ ਸਤਿਗੁਰੂ ਮਾਤਾ ਸੁਦੀਕਸ਼ਾ ਜੀ ਮਹਾਰਾਜ ਬ੍ਰਹਮਗਿਆਨ ਦੀ ਜਾਣਕਾਰੀ ਕਰਵਾ ਕੇ ਇਨਸਾਨ ਨੂੰ ਇਨਸਾਨ ਨਾਲ ਜੋੜ ਰਹੇ ਹਨ। ਜੋ ਕਿ ਇਨਸਾਨੀਂ ਜਨਮ ਦਾ ਮੁੱਖ ਟੀਚਾ ਹੈ।

# ਮਨਰੇਗਾ ਮਜ਼ਦੂਰਾਂ ਨੂੰ ਹੜ੍ਹਾ ਕਰਨ ਨੁਕਸਾਨੇ ਸਰਕਾਰੀ ਅਦਾਰਿਆਂ ਦੀ ਸਫਾਈ ਦਾ ਦਿੱਤਾ ਜਾਵੇ ਕੰਮ - ਚੰਦਰ ਸ਼ੇਖਰ /ਸਾਥੀ ਕੂੰਮਕਲਾਂ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 19 ਸਤੰਬਰ
INTERNATIONAL PAPER, 94636 01616
hardipchumber57@gmail.com

ਸੰਗਰੂਰ,19 ਸਤੰਬਰ (ਜਗਸੀਰ ਸਿੰਘ )- ਪੰਜਾਬ ਦੀ ਸੀਟੂ ਦੇ ਜਨਰਲ ਸਕੱਤਰ ਚੰਦਰ ਸ਼ੇਖਰ, ਮਨਰੇਗਾ ਮਜਦੂਰ ਯੂਨੀਅਨ, ਪੰਜਾਬ ਦੇ ਪ੍ਰਧਾਨ ਸ਼ੇਰ ਸਿੰਘ ਫਰਵਾਹੀ,ਜਨਰਲ ਸਕੱਤਰ ਅਮਰਨਾਥ ਕੂੰਮ ਕਲਾਂ ਅਤੇ ਵਿੱਤ ਸਕੱਤਰ ਗੁਰਨਾਮ ਸਿੰਘ ਘਨੌਰ ਨੇ ਅੱਜ ਇਥੇ ਜਾਰੀ ਇੱਕ ਸਾਂਝੇ ਬਿਆਨ ਰਾਹੀਂ ਪੰਜਾਬ ਸਰਕਾਰ ਤੋਂ ਜੋਰਦਾਰ ਸ਼ਬਦਾ ਵਿੱਚ ਮੰਗ ਕੀਤੀ ਹੈ ਕਿ ਉਹ ਹੜਾਂ ਕਾਰਣ ਨੁਕਸਾਨੇ ਗਏ ਸਾਰੇ ਸਰਕਾਰੀ ਅਦਾਰਿਆਂ , ਸਕੂਲਾਂ,ਡਿਸਪੈਂਸਰੀਆਂ,ਦਫਤ



ਰਾਂ,ਗੁਦਾਮਾਂ ਪੇਂਡੂ ਸੜਕਾਂ ਆਦਿ ਦੀ ਸਫਾਈ ਅਤੇ ਮੁੜ ਬਹਾਲੀ ਲਈ ਜੰਗੀ ਪੱਧਰ ਉੱਤੇ ਤਿਆਰੀ ਦੇ ਕੰਮਾ ਲਈ ਮਨਰੇਗਾ ਮਜ਼ਦੂਰਾਂ ਨੂੰ ਕੰਮ ਉੱਤੇ ਲਗਾਵੇ। ਇਸ ਤਰਾਂ ਕਰਨ ਲਈ ਪੰਜਾਬ ਸਟੇਟ ਦੇ ਵਿਭਾਗੀ ਦੇ ਵਿੱਤ ਦੀ ਵੀ ਬੱਚਤ ਹੋਵੇਗੀ ਅਤੇ ਪੰਜਾਬ ਦੇ ਗਰੀਬ ਲੋਕਾਂ ਨੂੰ ਵੀ ਕੰਮ ਮਿਲਣ ਨਾਲ ਆਰਥਿਕ ਤੌਰ ‘ਤੇ ਮੁੜ ਪੈਰਾਂ ਸਿਰ ਖੜੇ ਹੋਣ ਵਿੱਚ ਮਦਦ ਮਿਲੇਗੀ।

ਸੀਟੂ ਆਗੂਆਂ ਅਤੇ ਮਨਰੇਗਾ ਮਜ਼ਦੂਰ ਆਗੂਆਂ ਨੇ ਪੰਜਾਬ ਦੇ ਮੁੱਖ ਮੰਤ੍ਰੀ ਤੋਂ ਪੱਤਰ ਲਿਖ ਕੇ ਮੰਗ ਕੀਤੀ ਹੈ ਕਿ ਉਹ ਪੰਜਾਬ ਦੇ ਸਾਰੇ ਵਿਭਾਗਾਂ,ਜਨਤਕ ਖੇਤਰ ਦੇ ਅਦਾਰਿਆਂ,ਕੋਆਪ੍ਰੇਟਿਵ ਅਦਾਰਿਆਂ,ਸਥਾਨਿਕ ਸਰਕਾਰਾਂ ਦੇ ਮੁੱਖੀਆਂ ਨੂੰ ਇਸ ਸਬੰਧ ਵਿੱਚ ਫੌਰੀ ਹਦਾਇਤਾਂ ਅਤੇ ਵਿਸਤਾਰਿਤ ਨਿਰਦੇਸ਼ ਜਾਰੀ ਕਰਨ ਤਾਂ ਜੋ ਉਹਨਾ ਨੂੰ ਮੁੜ ਕਾਰਜਯੋਗ ਬਣਾਇਆ ਜਾ ਸਕੇ ਅਤੇ ਪੰਜਾਬ ਸਰਕਾਰ ਉੱਤੇ ਸੰਭਾਵਿਤ ਵਿੱਤੀ ਭਾਰ ਨੂੰ ਵੀ ਘਟਾਉਣ ਵਿੱਚ ਮਦਦ ਕੀਤੀ ਜਾ ਸਕੇ।

ਸੀਟੂ ਅਤੇ ਮਨਰੇਗਾ ਮਜਦੂਰ ਯੂਨੀਅਨ ਦੀਆ ਸਾਰੀਆਂ ਇਕਾਈਆਂ ਨੂੰ ਸੱਦਾ ਦਿੱਤਾ ਹੈ ਕਿ ਉਹ ਫੌਰੀ ਤੌਰ ਉੱਤੇ ਪੰਜਾਬ ਭਰ ਦੇ ਡਿਪਟੀ ਕਮਿਸ਼ਨਰਜ਼ ਅਤੇ ਐਸ. ਡੀ. ਐਮਜ ਨੂੰ ਮਿਲ ਕੇ ਮੰਗ ਪੱਤਰ ਦੇਣ ਅਤੇ ਜੱਥੇਬੰਦਕ ਦਬਾਅ ਪਾਉਣ।

# 5000 ਰੁਪਏ ਰਿਸ਼ਵਤ ਲੈਂਦਾ ਸਹਾਇਕ ਸਬ ਇੰਸਪੈਕਟਰ ਵਿਜੀਲੈਂਸ ਬਿਊਰੋ ਵੱਲੋਂ ਕਾਬੂ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 19 ਸਤੰਬਰ
INTERNATIONAL PAPER, 94636 01616
hardipchumber57@gmail.com

ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਵਿੱਢੀ ਮੁਹਿੰਮ ਦੌਰਾਨ ਪੰਜਾਬ ਵਿਜੀਲੈਂਸ ਬਿਊਰੋ ਨੇ ਥਾਣਾ-ਏ ਡਿਵੀਜ਼ਨ, ਅੰਮ੍ਰਿਤਸਰ ਵਿਖੇ ਤਾਇਨਾਤ ਸਹਾਇਕ ਸਬ ਇੰਸਪੈਕਟਰ (ਏ.ਐਸ.ਆਈ.) ਤਲਵਿੰਦਰ ਸਿੰਘ ਨੂੰ 5,000 ਰੁਪਏ ਰਿਸ਼ਵਤ ਲੈਂਦਿਆਂ ਕਾਬੂ ਕੀਤਾ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆ ਅੱਜ ਇੱਥੇ ਰਾਜ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਪੁਲਿਸ ਮੁਲਾਜ਼ਮ ਨੂੰ ਅੰਮ੍ਰਿਤਸਰ ਦੇ ਇੱਕ ਵਸਨੀਕ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਉਪਰੰਤ ਗ੍ਰਿਫ਼ਤਾਰ ਕੀਤਾ ਗਿਆ ਹੈ।



ਉਨ੍ਹਾਂ ਅੱਗੇ ਦੱਸਿਆ ਕਿ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਕੋਲ ਪਹੁੰਚ ਕਰਕੇ ਦੋਸ਼ ਲਗਾਇਆ ਕਿ ਉਹ ਇੱਕ ਹੋਟਲ ਦੀ ਦੇਖਭਾਲ ਕਰ ਰਿਹਾ ਹੈ ਅਤੇ ਪੁਲਿਸ ਵੱਲੋਂ ਹੋਟਲ ਵਿਰੁੱਧ ਮਾਮਲਾ ਦਰਜ ਕਰਕੇ ਮੋਬਾਈਲ ਫੋਨ ਤੇ ਡੀ.ਵੀ.ਆਰ. ਜ਼ਬਤ ਕੀਤੇ ਗਏ। ਸ਼ਿਕਾਇਤਕਰਤਾ ਨੇ ਦੱਸਿਆ ਕਿ ਉਹ ਫੋਨ ਅਤੇ ਡੀ.ਵੀ.ਆਰ. ਵਾਪਸ ਲੈਣ ਲਈ ਉਕਤ ਏ.ਐਸ.ਆਈ. ਨੂੰ ਮਿਲਿਆ ਅਤੇ ਉਕਤ ਏ.ਐਸ.ਆਈ. ਨੇ ਇਸ ਬਦਲੇ 50,000 ਰੁਪਏ ਰਿਸ਼ਵਤ ਦੀ ਮੰਗ ਕੀਤੀ ਪਰ ਬਾਅਦ ਵਿੱਚ ਉਹ 30,000 ਰੁਪਏ ਲੈਣ ਲਈ ਰਾਜ਼ੀ ਹੋ ਗਿਆ। ਮੁਲਜ਼ਮ ਏ.ਐਸ.ਆਈ. ਨੇ ਸ਼ਿਕਾਇਤਕਰਤਾ ਤੋਂ ਰਿਸ਼ਵਤ ਦੀ ਪਹਿਲੀ ਕਿਸ਼ਤ ਵਜੋਂ 16000 ਰੁਪਏ ਨਕਦ ਪ੍ਰਾਪਤ ਕੀਤੇ ਅਤੇ ਬਾਕੀ 14,000 ਰੁਪਏ ਕਿਸ਼ਤਾਂ ਵਿੱਚ ਲੈਣ ਲਈ ਸਹਿਮਤ ਹੋ ਗਿਆ।

ਬੁਲਾਰੇ ਨੇ ਦੱਸਿਆ ਕਿ ਇਸ ਸ਼ਿਕਾਇਤ ਦੀ ਪੜਤਾਲ ਉਪਰੰਤ, ਅੰਮ੍ਰਿਤਸਰ ਰੇਂਜ ਦੀ ਇੱਕ ਵਿਜੀਲੈਂਸ ਬਿਊਰੋ ਟੀਮ ਨੇ ਜਾਲ ਵਿਛਾਇਆ ਅਤੇ ਏ.ਐਸ.ਆਈ. ਤਲਵਿੰਦਰ ਸਿੰਘ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਤੋਂ ਰਿਸ਼ਵਤ ਦੀ ਦੂਜੀ ਕਿਸ਼ਤ ਵਜੋਂ 5000 ਰੁਪਏ ਲੈਂਦਿਆਂ ਰੰਗੇ ਹੱਥੀਂ ਕਾਬੂ ਕਰ ਲਿਆ।

ਇਸ ਸਬੰਧੀ ਮੁਲਜ਼ਮ ਵਿਰੁੱਧ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀਆਂ ਸਬੰਧਤ ਧਾਰਾਵਾਂ ਤਹਿਤ ਵਿਜੀਲੈਂਸ ਬਿਊਰੋ ਦੇ ਥਾਣਾ ਅੰਮ੍ਰਿਤਸਰ ਰੇਂਜ ਵਿਖੇ ਮੁਕੱਦਮਾ ਦਰਜ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਇਸ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ।

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 19 ਸਤੰਬਰ
INTERNATIONAL PAPER, 94636 01616
hardipchumber57@gmail.com

# ਸਾਡੀ ਆਜ਼ਾਦੀ ਦੀ ਲੜਾਈ ਹਾਲੇ ਬਾਕੀ ਹੈ- ਬਾਬਾ ਸਾਹਿਬ

**ਬਾਬਾ ਸਾਹਿਬ ਕਹਿੰਦੇ ਹਨ**

ਇੰਜੀ. ਹਰਦੀਪ ਸਿੰਘ ਚੁੰਬਰ

**1935 ਦੇ ਐਕਟ ਦੇ ਲਾਗੂ ਹੋਣ ਤੋਂ ਬਾਅਦ, ਇੰਡੀਅਨ ਨੈਸ਼ਨਲ ਕਾਂਗਰਸ ਪਾਰਟੀ ਨੇ 1937 ਵਿੱਚ ਭਾਰਤ ਦੇ ਅੱਧੇ ਰਾਜਾਂ ਵਿੱਚ ਸਰਕਾਰਾਂ ਬਣਾਈਆਂ ਅਤੇ ਚਤਰਵਰਨ ਦੇ ਹਿੰਦੂ ਲੋਕਾਂ ਨੇ 7 ਰਾਜਾਂ ਦੇ ਬ੍ਰਾਹਮਣ ਮੁੱਖ ਮੰਤਰੀ ਬਣਾਏ ਅਤੇ ਮੰਤਰੀ, ਵਿਧਾਇਕ ਬਣੇ ਅਤੇ ਸੰਸਦ ਮੈਂਬਰ ਆਦਿ ਵੀ ਬਣਨ ਲੱਗੇ। ਹੁਣ ਸ਼ਾਸਨ, ਪ੍ਰਸ਼ਾਸਨ ਦਾ ਪ੍ਰਬੰਧ ਭਾਰਤ ਚਤਰਵਰਨ ਦੇ ਲੋਕਾਂ ਦੇ ਹੱਥਾਂ ਵਿੱਚ ਸੀ, ਫਿਰ ਵੀ ਇਹ ਲੋਕ ਆਪਣੇ ਆਪ ਨੂੰ ਅੰਗਰੇਜ਼ਾਂ ਦਾ ਗੁਲਾਮ ਮੰਨਦੇ ਸਨ। 1947 ਵਿੱਚ ਸੱਤਾ ਬਦਲਣ ਤੋਂ ਬਾਅਦ, ਅਨੁਸੂਚਿਤ ਵਰਗ ਨੂੰ ਲਗਭਗ ਉਹ ਜਿਹੇ ਅਧਿਕਾਰਾਂ ਦੀ ਪ੍ਰਾਪਤੀ ਦਾ ਕੁੱਝ ਲਾਭ ਹੋਇਆ ਜਿਹੇ ਜਿਹਾ ਲਾਭ ਬ੍ਰਿਟਿਸ਼ ਸ਼ਾਸਨ ਕਾਲ ਦੌਰਾਨ ਚਤਰਵਰਨ ਦੇ ਹਿੰਦੂ ਲੋਕਾਂ ਨੂੰ ਹਾਸਲ ਹੋਇਆ ਸੀ। ਮੌਜੂਦਾ ਸਮੇਂ ਵੀ ਅਨੁਸੂਚਿਤ ਵਰਗ ਦੇ ਲੋਕ ਮੁੱਖ ਮੰਤਰੀ, ਮੰਤਰੀ, ਵਿਧਾਇਕ, ਸੰਸਦ ਮੈਂਬਰ ਬਣ ਜਾਂਦੇ ਹਨ, ਪਰ ਉਹ ਸਮਾਨਤਾ ਦੇ ਅਧਿਕਾਰਾਂ ਤੋਂ ਵਾਂਝੇ ਵਰਗ ਨੂੰ ਬਣਦਾ ਹੱਕ ਦਿਵਾਉਣ ਦੇ ਲਈ ਕੁੱਝ ਵੀ ਨਹੀਂ ਕਰ ਸਕਦੇ।**

## ਮੈਂ ਦੇਸ਼ ਦੇ ਸਵਰਾਜ ਦਾ ਸਮਰਥਨ ਕਰਦਾ ਹਾਂ ਦਾ ਅੱਗੇ ਦਾ ਭਾਗ

ਬਾਅਦ ਵਿੱਚ ਡਾ ਬਾਬਾ ਸਾਹਿਬ ਅੰਬੇਡਕਰ ਮਾਨ-ਪੱਤਰ ਦਾ ਜਵਾਬ ਦੇਣ ਲਈ ਖੜ੍ਹੇ ਹੋਏ। ਪਰ ਉਸ ਦਾ ਗਲਾ ਭਰਿਆ ਹੋਇਆ ਸੀ, ਜਿਸ ਕਰਕੇ ਉਹ 5-6 ਮਿੰਟ ਤੱਕ ਕੁਝ ਨਾ ਕਹਿ ਸਕੇ। ਫਿਰ ਉਸਨੇ ਆਪਣਾ ਸੰਜਮ ਮੁੜ ਤੋਂ ਸੰਜੋਇਆ ਅਤੇ ਆਪਣਾ ਭਾਸ਼ਣ ਸ਼ੁਰੂ ਕੀਤਾ। ਓਹਨਾਂ ਨੇ ਕਿਹਾ,



"ਪ੍ਰਧਾਨ ਮਹਾਰਾਜ ਅਤੇ ਭਰਾਵੋ ਅਤੇ ਭੈਣੋ,

ਮੈਨੂੰ ਨਹੀਂ ਪਤਾ ਲਗ ਰਿਹਾ ਕਿ ਅੱਜ ਮੈਂ ਤੁਹਾਨੂੰ ਕੀ ਦੱਸਾਂ। ਹੁਣ ਤੁਸੀਂ ਅਤੇ ਮੈਂ ਅਗਲੇ ਪੰਜ-ਛੇ ਮਹੀਨਿਆਂ ਤੱਕ ਨਹੀਂ ਮਿਲਾਂਗੇ। ਜੇ ਪਿਛਲੇ ਦੋ ਸਾਲਾਂ ਵਿੱਚ ਮੈਂ ਜੋ ਵੀ ਛੋਟਾ ਜਿਹਾ ਕੰਮ ਕੀਤਾ ਹੈ, ਜੇਕਰ ਹਜ਼ਾਰਾਂ ਸੱਜਣਾਂ ਨੇ ਮੇਰਾ ਸਾਥ ਨਾ ਦਿੱਤਾ ਹੁੰਦਾ, ਤਾਂ ਇਹ ਮੇਰੇ ਇਕੱਲੇ ਨਾਲ ਕੁਝ ਵੀ ਪੂਰਾ ਨਹੀਂ ਹੋ ਸਕਦਾ ਸੀ। ਮੈਂ ਜੋ ਵੀ ਕੰਮ ਕੀਤਾ ਹੈ, ਉਸ ਲਈ ਮੁੰਬਈ ਲੈਜਿਸਲੇਟਿਵ ਕੌਂਸਲ ਤੋਂ ਮੇਰੇ ਦੋਸਤ ਡਾ: ਸੋਲੰਕੀ ਨੇ ਮੇਰੀ ਬਹੁਤ ਮਦਦ ਕੀਤੀ ਹੈ। 1926 ਵਿੱਚ, ਰਾਜਪਾਲ ਨੇ ਮੈਨੂੰ ਬੁਲਾਇਆ ਅਤੇ ਪੁੱਛਿਆ, ਜੇਕਰ ਡਾ: ਸੋਲੰਕੀ ਅਛੂਤ ਭਾਈਚਾਰੇ ਦੀ ਤਰਫੋਂ ਚੁਣੇ ਜਾਂਦੇ ਹਨ, ਤਾਂ ਕੀ ਤੁਹਾਨੂੰ ਉਨ੍ਹਾਂ ਨਾਲ ਕੌਂਸਲ ਵਿੱਚ ਕੰਮ ਕਰਨ ਵਿੱਚ ਕੋਈ ਮੁਸ਼ਕਲ ਆਵੇਗੀ? ਇਸ 'ਤੇ ਮੈਂ ਜਵਾਬ ਦਿੱਤਾ ਕਿ ਸੋਲੰਕੀ ਬਹੁਤ ਪੜ੍ਹੇ-ਲਿਖੇ ਵਿਅਕਤੀ ਹਨ, ਇਸ ਲਈ ਉਹ ਸਭਾ ਦੇ ਕੰਮ ਵਿਚ ਸਾਡੇ ਲਈ ਚੰਗਾ ਰਹੇਗਾ। ਮੈਂ ਥੋੜਾ ਗੁੱਸੇਲ ਅਤੇ ਢੀਠ ਹਾਂ। ਇਹ ਖਾਮੀਆਂ ਸ਼ਾਇਦ ਕੌਂਸਿਲ ਵਿੱਚ ਕੰਮ ਕਰਦਿਆਂ ਡਾ: ਸੋਲੰਕੀ ਨਾਲ ਮੇਰੇ ਵਿਵਹਾਰ ਵਿੱਚ ਕਿਸੇ ਸਮੇਂ ਪ੍ਰਗਟ ਹੋਈਆਂ ਹੋਣ। ਪਰ ਡਾ: ਸੋਲੰਕੀ ਨੇ ਕੁਝ ਵੀ ਦਿਲ 'ਤੇ ਨਹੀਂ ਲਿਆ ਅਤੇ ਪੂਰੀ ਲਗਨ ਨਾਲ ਮਦਦ ਕੀਤੀ। ਇਸੇ ਲਈ ਕੌਂਸਲ ਦੇ ਕੰਮਕਾਜ ਦਾ ਸਾਰਾ ਸਿਹਰਾ ਡਾ: ਸੋਲੰਕੀ ਨੂੰ ਜਾਂਦਾ ਹੈ। ਸਮਤਾ ਸੰਘ ਨੇ ਪ੍ਰੀਸ਼ਦ ਦੇ ਬਾਹਰ ਮੇਰੇ ਕੰਮ ਵਿੱਚ ਮੇਰੀ ਬਹੁਤ ਮਦਦ ਕੀਤੀ। ਮੈਂ ਸ੍ਰੀ ਦੇਵਰਾਓ ਨਾਇਕ ਨੂੰ ਆਪਣਾ ਸੱਜਾ ਹੱਥ ਸਮਝਦਾ ਹਾਂ ਕਿਉਂਕਿ ਉਨ੍ਹਾਂ ਨੇ ਅੱਜ ਤੱਕ ਮੈਨੂੰ ਦਿੱਤੀ ਹੈ। ਮੈਨੂੰ ਯਕੀਨ ਹੈ ਕਿ ਭਾਵੇਂ ਮੈਂ 5-6 ਮਹੀਨਿਆਂ ਲਈ ਵਿਦੇਸ਼ ਵਿੱਚ ਹਾਂ, ਪਰ ਆਪਸ ਵਿੱਚ ਮਿਲੇ ਸਹਿਯੋਗ ਕਾਰਨ ਅਸੀਂ ਇੰਨੇ ਨੇੜੇ ਹੋ ਗਏ ਹਾਂ ਕਿ ਕੇਵਲ ਸ਼੍ਰੀਮਾਨ ਨਾਇਕ ਹੀ ਮੇਰੇ ਪਿੱਛੇ ਕੰਮ ਕਰ ਸਕਣਗੇ। ਸਮਤਾ ਸੰਘ ਦੇ ਮੇਰੇ ਪਿਆਰੇ ਮਿੱਤਰ ਸ਼੍ਰੀ ਪ੍ਰਧਾਨ, ਕਾਦਰੇਕਰ, ਕਾਵਲੀ ਆਦਿ ਨੇ ਮੇਰੀ ਬਹੁਤ ਮਦਦ ਕੀਤੀ ਹੈ। ਇਸੇ ਤਰ੍ਹਾਂ ਸ਼੍ਰੀ ਸ਼ੰਕਰ ਰਾਓ ਪਰਸ਼ਾ ਨੇ ਪੈਸੇ ਦੇ ਮਾਮਲੇ ਵਿਚ ਬਹੁਤ ਮਦਦ ਕੀਤੀ ਹੈ। ਮੇਰੇ ਕੋਲ ਸ਼੍ਰੀ ਸ਼ੰਕਰਰਾਓ ਵਰਗਾ ਕੋਈ ਹੋਰ ਸਹਾਰਾ ਨਹੀਂ ਸੀ। ਜਨਤਕ ਪ੍ਰੋਗਰਾਮਾਂ ਲਈ ਪੈਸੇ ਦੀ ਲੋੜ ਹੁੰਦੀ ਹੈ। ਪਰ ਜਦੋਂ ਮੈਂ ਪਹਿਲੀ ਵਾਰ ਸੋਲਾਪੁਰ ਬੋਰਡਿੰਗ ਸ਼ੁਰੂ ਕੀਤਾ ਤਾਂ ਮੇਰੇ ਹੱਥ ਵਿੱਚ ਸਿਰਫ਼ 500 ਰੁਪਏ ਸਨ। ਬਾਅਦ ਵਿੱਚ, ਉਸਨੇ ਇੱਕ ਯਹੂਦੀ ਦੋਸਤ ਨੂੰ 1000 ਰੁਪਏ ਦਾ ਵਾਅਦਾ ਨੋਟ ਲਿਖਕੇ ਦਿੱਤਾ ਅਤੇ ਇਸ ਤਰ੍ਹਾਂ ਇਸ ਬੋਰਡਿੰਗ ਸੰਸਥਾ ਦੀ ਸ਼ੁਰੂਆਤ ਹੋਈ। ਸ਼੍ਰੀ ਸ਼ੰਕਰਰਾਓ ਨੇ ਇਸ ਕੰਮ ਵਿੱਚ ਬਹੁਤ ਮਦਦ ਕੀਤੀ। ਉਸ ਨੇ ਪ੍ਰੈਸ ਖਰੀਦਣ ਲਈ 1800 ਰੁਪਏ ਦੀ ਮਦਦ ਕੀਤੀ।

ਮੈਂ ਅੱਜ ਤੱਕ ਅਛੂਤ ਵਰਗ ਦੀ ਜਿੰਨੀ ਵੀ ਛੋਟੀ-ਮੋਟੀ ਸੇਵਾ ਕਰ ਸਕਿਆ ਹਾਂ, ਉਸ ਦਾ ਸਾਰਾ ਸਿਹਰਾ ਵੱਖ-ਵੱਖ ਕੰਮਾਂ ਵਿਚ ਲੱਗੇ ਮੇਰੇ ਸਾਥੀਆਂ ਨੂੰ ਜਾਂਦਾ ਹੈ। ਥੈਲੀ ਅਤੇ ਮਾਨ-ਪੱਤਰ ਜੋ ਤੁਸੀਂ ਦੇ ਰਹੇ ਹੋ, ਮੈਂ ਇਹ ਸਵੀਕਾਰ ਕਰਦਾ ਹਾਂ ਪਰ ਇਸ ਥੈਲੀ ਵਿੱਚੋਂ ਪੈਸੇ ਮੈਂ ਮੇਰੇ ਨਿੱਜੀ ਉਦੇਸ਼ਾਂ ਲਈ ਬਿਲਕੁਲ ਨਹੀਂ ਵਰਤਾਂਗਾ। ਇਹ ਰਕਮ ਗਰੀਬ ਭਾਈਚਾਰੇ ਦੀ ਭਲਾਈ ਲਈ ਵਰਤੀ ਜਾਣੀ ਹੈ, ਜਿਨ੍ਹਾਂ ਦੀ ਮਦਦ ਨਾਲ ਇਹ ਪੈਸਾ ਇਕੱਠਾ ਕੀਤਾ ਗਿਆ ਹੈ। ਮੈਂ ਆਲ ਇੰਡੀਆ ਦਲਿਤ ਕਾਂਗਰਸ ਦੇ ਕੇਂਦਰੀ ਸੰਗਠਨ ਦੇ ਖਰਚਿਆਂ ਲਈ ਮੁੰਬਈ ਖੇਤਰ ਦੀ ਤਰਫੋਂ ਚੰਦਾ ਇਕੱਠਾ ਕਰਨ ਦੀ ਗੱਲ ਕਬੂਲ ਕੀਤੀ ਹੈ। ਇਸ ਕੰਮ ਲਈ ਮੈਂ ਇਸ ਵਿੱਚੋਂ ਕੁਝ ਰਕਮ ਡਾ: ਸੋਲੰਕੀ ਕੋਲ ਜਮ੍ਹਾਂ ਕਰਵਾ ਰਿਹਾ ਹਾਂ। ਉਸ ਨੇ ਇਸ ਰਕਮ ਦੀ ਵਰਤੋਂ ਬਹਿਸ਼ਕ੍ਰਿਤ ਸਭਾ ਦੇ ਲਈ ਕਰਨੀ ਹੈ। ਬਾਕੀ ਬਚੀ ਰਕਮ ਕਿਸੇ ਹੋਰ ਤਰੀਕੇ ਨਾਲ ਵਰਤੀ ਜਾਣੀ ਹੈ। ਮੈਂ ਆਪਣਾ ਬੰਦ ਪਿਆ ਰਸਾਲਾ "ਬਹਿਸ਼ਕ੍ਰਿਤ ਭਾਰਤ" ਦੁਬਾਰਾ ਪ੍ਰਕਾਸ਼ਿਤ ਕਰ ਰਿਹਾ ਹਾਂ। ਇਸ ਮੈਗਜ਼ੀਨ ਵਿੱਚ ਮੌਜੂਦਾ ਸਥਿਤੀ ਨੂੰ ਦੇਖਣ ਤੋਂ ਬਾਅਦ ਜੋ ਗੱਲਾਂ ਸਾਹਮਣੇ ਆਉਂਦੀਆਂ ਹਨ, ਉਹ ਦਿੱਤੀਆਂ ਜਾਣਗੀਆਂ। ਮੈਂ ਇਸਦਾ ਨਾਮ ਬਦਲਣ ਦਾ ਫੈਸਲਾ ਕੀਤਾ ਹੈ। ਕਿਉਂਕਿ ਇਸ ਨਾਂ ਕਾਰਨ ਬਹੁਤ ਸਾਰੇ ਲੋਕ ਸਾਡਾ ਰਸਾਲਾ ਖਰੀਦਣ ਤੋਂ ਝਿਜਕਦੇ ਸਨ ਅਤੇ ਇਸ ਨੂੰ ਨਹੀਂ ਖਰੀਦਦੇ ਸਨ।

ਇਸ ਕਾਰਨ ਸਾਡਾ ਇਹ ਮਕਸਦ ਪੂਰਾ ਨਹੀਂ ਹੁੰਦਾ ਕਿ ਸਾਡਾ ਸੰਦੇਸ਼ ਸਮੁੱਚੀ ਜਨਤਾ ਤੱਕ ਪਹੁੰਚਣਾ ਚਾਹੀਦਾ ਹੈ। ਇਸੇ ਲਈ ਮੈਂ ਮੈਗਜ਼ੀਨ ਦਾ ਨਾਂ ਬਦਲਣ ਦਾ ਫੈਸਲਾ ਕੀਤਾ ਹੈ। ਹੁਣ ਮੈਗਜ਼ੀਨ ਦਾ ਨਾਮ ਜਨਤਾ ਹੋਵੇਗਾ ਅਤੇ ਇਸ ਦੇ ਸੰਪਾਦਨ ਦੀ ਜ਼ਿੰਮੇਵਾਰੀ ਸ਼੍ਰੀ. ਦੇਵਰਾਓ ਨਾਇਕ ਦਾ ਹੋਵੇਗਾ। ਤੁਸੀਂ ਇਸ ਮੈਗਜ਼ੀਨ ਲਈ ਵੱਧ ਤੋਂ ਵੱਧ ਗਾਹਕ ਪ੍ਰਾਪਤ ਕਰਨ ਦੀ ਕੋਸ਼ਿਸ਼ ਕਰੋ। ਇਸ ਤਰ੍ਹਾਂ, ਥੈਲੀ ਦੀ ਰਕਮ ਦਾ ਕੁਝ ਹਿੱਸਾ ਮੇਰੇ ਦੁਆਰਾ ਚਲਾਏ ਜਾ ਰਹੇ ਬੋਰਡਿੰਗ ਹਾਊਸਾਂ ਨੂੰ ਦਿੱਤਾ ਜਾਣਾ ਚਾਹੀਦਾ ਹੈ। ਇਸ ਤਰ੍ਹਾਂ ਥੈਲੀ ਵਿਚ ਪਏ ਪੈਸੇ ਦੀ ਵਰਤੋਂ ਕੀਤੀ ਜਾਵੇਗੀ।

ਜੇਕਰ ਗੋਲਮੇਜ਼ ਕਾਨਫਰੰਸ ਲਈ ਵਿਦੇਸ਼ਾਂ ਤੋਂ ਆਉਣ-ਜਾਣ ਦਾ ਖਰਚਾ ਬਰਤਾਨਵੀ ਸਰਕਾਰ ਅਦਾ ਕਰ ਰਹੀ ਹੈ ਤਾਂ ਇਹ ਥੈਲੀ ਕਿਉਂ? ਇਹ ਸਵਾਲ ਤੁਹਾਡੇ ਵਿੱਚੋਂ ਕੁਝ ਲੋਕਾਂ ਦੇ ਦਿਮਾਗ ਵਿੱਚ ਆਸਾਨੀ ਨਾਲ ਆਉਂਦਾ ਹੈ। ਪਰ ਜਿਸ ਸਮੇਂ ਮੈਨੂੰ ਤੁਹਾਡੀ ਮਦਦ ਦੀ ਲੋੜ ਸੀ, ਭਾਵੇਂ ਮੈਨੂੰ ਤੁਹਾਡੇ ਤੋਂ ਮਦਦ ਦੀ ਉਮੀਦ ਨਹੀਂ ਸੀ, ਹੁਣ ਮੈਨੂੰ ਆਪਣੇ ਨਿੱਜੀ ਕੰਮ ਲਈ ਵੀ ਤੁਹਾਡੀ ਮਦਦ ਦੀ ਲੋੜ ਨਹੀਂ ਪਵੇਗੀ। ਲੋੜ ਪੈਣ 'ਤੇ ਮੈਂ ਤੁਹਾਡੀ ਮਦਦ ਜ਼ਰੂਰ ਮੰਗਾਂਗਾ।

ਮੈਂ ਗੋਲਮੇਜ਼ ਕਾਨਫਰੰਸ ਲਈ ਜਾਣ ਵਾਲਾ ਹਾਂ। ਘੱਟੋ-ਘੱਟ ਅਛੂਤ ਵਰਗ ਨੂੰ ਇਸ ਕਾਨਫਰੰਸ ਦਾ ਜ਼ਰੂਰ ਫਾਇਦਾ ਹੋਵੇਗਾ। ਪਰ ਮੈਂ ਇਸ ਕਾਨਫਰੰਸ ਦਾ ਬਾਈਕਾਟ ਕਰਨ ਵਾਲਿਆਂ ਨੂੰ ਪੁੱਛਦਾ ਹਾਂ ਕਿ ਜੇਕਰ ਦੋ ਧਿਰਾਂ ਵਿਚ ਲੜਾਈ ਹੋ ਜਾਂਦੀ ਹੈ ਤਾਂ ਫਿਰ ਸੁਲ੍ਹਾ-ਸਫਾਈ ਦੀ ਭਾਸ਼ਾ ਬੋਲਣ ਵਿਚ ਕੀ ਹਰਜ ਹੈ? ਅੱਜ ਵੀ ਸਰਕਾਰ ਅਤੇ ਕਾਂਗਰਸ ਵਿਚਾਲੇ ਲੜਾਈ ਜਾਰੀ ਹੈ। ਕਾਂਗਰਸ ਦੇ ਅੰਦੋਲਨ ਕਾਰਨ ਸਰਕਾਰ ਨੂੰ ਨੁਕਸਾਨ ਦਾ ਸਾਹਮਣਾ ਕਰਨਾ ਪੈ ਰਿਹਾ ਹੈ ਇਸ ਤਰ੍ਹਾਂ ਜੇਕਰ ਦੋਵੇਂ ਧਿਰਾਂ ਅੜ ਜਾਂਦੀਆਂ ਹਨ ਤਾਂ ਕਿਸੇ ਨਾ ਕਿਸੇ ਨੂੰ ਗੋਲਮੇਜ਼ ਕਾਨਫਰੰਸ ਰਾਹੀਂ ਸੁਲ੍ਹਾ-ਸਫਾਈ ਲਈ ਯਤਨ ਕਰਨੇ ਪੈਣਗੇ। ਸੁਲ੍ਹਾ-ਸਫ਼ਾਈ ਦਾ ਇਹ ਰਾਹ ਗੋਲ ਮੇਜ਼ ਕਾਨਫਰੰਸ ਰਾਹੀਂ ਲੱਭਿਆ ਜਾ ਸਕਦਾ ਹੈ। ਇਹ ਵੀ ਕਿਹਾ ਜਾ ਰਿਹਾ ਹੈ ਕਿ ਇਸ ਕਾਨਫਰੰਸ ਤੋਂ ਕੋਈ ਹੱਲ ਨਾਂ ਨਿਕਲੇ। ਪਰ ਮੈਨੂੰ ਅਜਿਹਾ ਨਹੀਂ ਲੱਗਦਾ। ਜਿਹੜੇ ਲੋਕ ਸੋਚਦੇ ਹਨ ਕਿ ਇਹ ਕਾਨਫਰੰਸ ਫੇਲ੍ਹ ਹੋ ਜਾਵੇਗੀ, ਮੈਂ ਉਨ੍ਹਾਂ ਨੂੰ ਪੁੱਛਣਾ ਚਾਹੁੰਦਾ ਹਾਂ ਕਿ ਇਹ ਕਾਨਫਰੰਸ ਕਿਉਂ ਫੇਲ੍ਹ ਹੋਵੇਗੀ?

ਅੱਜ ਹਿੰਦੂ, ਮੁਸਲਮਾਨ ਅਤੇ ਅਛੂਤ ਸਾਰੇ ਸਵਰਾਜ ਚਾਹੁੰਦੇ ਹਨ। ਹਾਲ ਹੀ ਵਿੱਚ ਨਾਗਪੁਰ ਵਿੱਚ ਹੋਈ ਆਲ ਇੰਡੀਆ ਬਹਿਸ਼ਕ੍ਰਿਤ ਕਾਂਗਰਸ ਨੇ ਅਜਿਹਾ ਮਤਾ ਪਾਸ ਕੀਤਾ ਹੈ। ਇਸ ਬਾਰੇ ਸਾਰਿਆਂ ਦੀ ਇੱਕੋ ਰਾਏ ਹੈ। ਵਿਚਾਰਾਂ ਦਾ ਮਤਭੇਦ ਸਿਰਫ਼ ਇੱਕ ਗੱਲ ਦਾ ਹੈ ਅਤੇ ਉਹ ਇਹ ਹੈ ਕਿ ਸਵਰਾਜ ਕਿਸ ਢੰਗ ਨਾਲ ਦਿੱਤਾ ਜਾਵੇ! ਮਤਭੇਦ ਇਸ ਗੱਲ 'ਤੇ ਹੈ ਕਿ ਘੱਟ ਗਿਣਤੀ ਲੋਕਾਂ ਦੀ ਸੁਰੱਖਿਆ ਲਈ ਕੀ ਉਪਾਅ ਕੀਤੇ ਜਾਣੇ ਚਾਹੀਦੇ ਹਨ ਅਤੇ ਉਨ੍ਹਾਂ ਨੂੰ ਸਮਾਜਿਕ, ਧਾਰਮਿਕ ਅਤੇ ਰਾਜਨੀਤਿਕ ਬਰਾਬਰੀ ਕਿਵੇਂ ਮਿਲਣੀ ਚਾਹੀਦੀ ਹੈ। ਅੱਜ ਇੱਕ ਅਜਿਹੇ ਹਿੰਦੂ ਧਰਮ ਦੀ ਲੋੜ ਹੈ ਜਿਸ ਵਿੱਚ ਹਰ ਕੋਈ ਆਜ਼ਾਦ ਹੋਵੇ। ਪਰ ਇਸ ਗੱਲ 'ਤੇ ਮਤਭੇਦ ਹਨ ਕਿ ਕੀ ਸਵਰਾਜ ਤੋਂ ਆਉਣ ਵਾਲੀ ਸ਼ਕਤੀ ਨੂੰ ਸਮਾਜ ਵਿਚ ਸਹੀ ਢੰਗ ਨਾਲ ਵੰਡਿਆ ਜਾਣਾ ਚਾਹੀਦਾ ਹੈ ਜਾਂ ਸਿਰਫ ਇਕ ਵਿਸ਼ੇਸ਼ ਵਰਗ ਦੇ ਹੱਥਾਂ ਵਿਚ ਰਹਿਣਾ ਚਾਹੀਦਾ ਹੈ। ਜੇਕਰ ਦਲਿਤ ਭਾਈਚਾਰਾ, ਪਛੜਾ ਵਰਗ ਅਤੇ ਬਹੁਗਿਣਤੀ ਸਮਾਜ ਨੇਕ-ਦਿਸ਼ਾ ਦਿਖਾਵੇ ਤਾਂ ਆਪਸੀ ਝਗੜਿਆਂ ਨੂੰ ਸੁਲਝਾਉਣਾ ਅਸੰਭਵ ਨਹੀਂ ਹੈ।

ਮੈਂ ਆਪਣੇ ਸਮਾਜ ਲਈ ਜੋ ਵੀ ਜ਼ਰੂਰੀ ਹੈ, ਉਹ ਜ਼ਰੂਰ ਮੰਗਾਂਗਾ, ਪਰ ਇਸ ਦੇ ਨਾਲ ਹੀ ਜੇਕਰ ਇਸ ਦੇਸ਼ ਨੂੰ ਸਵਰਾਜ

"ਇਕੁਐਲਿਟੀ ਐਂਡ ਜਸਟਿਸ"
"Equality and Justice"

ਦੇਣ ਦੀ ਕੋਈ ਤਜਵੀਜ਼ ਪੇਸ਼ ਕੀਤੀ ਜਾਂਦੀ ਹੈ ਤਾਂ ਮੈਂ ਉਸ ਦਾ ਸਮਰਥਨ ਕਰਾਂਗਾ।, ਕਾਂਗਰਸ ਵਾਂਗ ਸਾਡੀ ਵੀ ਇਹੀ ਕਾਮਨਾ ਹੈ ਕਿ ਇਹ ਦੇਸ਼ ਹਰ ਪੱਖੋਂ ਤਰੱਕੀ ਕਰੇ ਅਤੇ ਉੱਤਮ ਮੁਕਾਮ 'ਤੇ ਪਹੁੰਚੇ। ਆਖ਼ਰਕਾਰ, ਗੋਲਮੇਜ਼ ਕਾਨਫਰੰਸ ਦੀ ਸਮਾਪਤੀ ਤੋਂ ਬਾਅਦ, ਮੈਂ ਲੋਕ ਜਾਗਰੂਕਤਾ ਦਾ ਕੰਮ ਕਰਨਾ ਚਾਹੁੰਦਾ ਹਾਂ। ਇਹ ਬਹੁਤ ਮਹੱਤਵਪੂਰਨ ਕੰਮ ਹੈ। ਕਾਂਗਰਸ ਦੀ ਲਹਿਰ ਅਮਰੀਕਾ, ਜਰਮਨੀ ਆਦਿ ਸਾਰੇ ਦੇਸ਼ਾਂ ਵਿੱਚ ਹੁੰਦੀ ਹੈ। ਇਸੇ ਤਰ੍ਹਾਂ ਸਾਡੀ ਛੂਤ-ਛਾਤ ਦਾ ਦਰਦ ਦੂਜੇ ਦੇਸ਼ਾਂ ਤੱਕ ਪਹੁੰਚਣਾ ਚਾਹੀਦਾ ਹੈ। ਇਸ ਲਈ ਮੈਂ ਰੂਸ, ਜਰਮਨੀ, ਅਮਰੀਕਾ ਅਤੇ ਜਾਪਾਨ ਵਰਗੇ ਦੇਸ਼ਾਂ ਦੇ ਪ੍ਰਮੁੱਖ ਨੇਤਾਵਾਂ ਨੂੰ ਮਿਲਾਂਗਾ ਅਤੇ ਉਨ੍ਹਾਂ ਨੂੰ ਆਪਣਾ ਦੁੱਖ ਪੇਸ਼ ਕਰਾਂਗਾ। ਇੰਨਾ ਹੀ ਨਹੀਂ, ਮੈਂ ਅਛੂਤਾਂ ਦੀ ਸਮੱਸਿਆ ਨੂੰ ਰਾਸ਼ਟਰ ਸੰਘ ਦੇ ਸਾਹਮਣੇ ਵੀ ਰੱਖਣਾ ਚਾਹੁੰਦਾ ਹਾਂ। ਇਸੇ ਤਰ੍ਹਾਂ ਮੈਂ ਅਛੂਤਾਂ ਲਈ ਪੁਲਿਸ ਅਤੇ ਫੌਜ ਦੀਆਂ ਨੌਕਰੀਆਂ 'ਤੇ ਮੌਜੂਦਾ ਪਾਬੰਦੀ ਨੂੰ ਹਟਾਉਣ ਲਈ ਵਿਸ਼ੇਸ਼ ਯਤਨ ਕਰਾਂਗਾ। ਮੈਂ ਤੁਹਾਨੂੰ ਸਾਰਿਆਂ ਨੂੰ ਇੱਕ ਆਖਰੀ ਬੇਨਤੀ ਕਰਨਾ ਚਾਹੁੰਦਾ ਹਾਂ ਕਿ ਤੁਸੀਂ ਸਾਰੇ ਏਕਤਾ ਅਤੇ ਇਕੱਠੇ ਰਹਿਣ ਦੀ ਕੋਸ਼ਿਸ਼ ਕਰੋ। ਸਾਡੇ ਵਿੱਚ ਕਈ ਧੜੇ ਪੈਦਾ ਹੋ ਗਏ ਹਨ। ਪਿਛਲੇ ਦੋ-ਚਾਰ ਸਾਲਾਂ ਵਿੱਚ ਇੱਕ ਬਹੁਤ ਬੁਰੀ ਗੱਲ ਮੇਰੇ ਧਿਆਨ ਵਿੱਚ ਆਈ ਹੈ ਅਤੇ ਉਹ ਹੈ ਕਿ ਹਰ ਆਦਮੀ ਲੀਡਰ ਅਖਵਾਉਣਾ ਚਾਹੁੰਦਾ ਹੈ ਅਤੇ ਸ਼ੇਖੀ ਮਾਰਦਾ ਫਿਰਦਾ ਹੈ। ਇਹ ਬਹੁਤ ਮਾੜੀ ਗੱਲ ਹੈ। ਮੈਂ ਤੁਹਾਨੂੰ ਹੁਣ ਤੋਂ ਇਹ ਸਭ ਬੰਦ ਕਰਨ ਦੀ ਬੇਨਤੀ ਕਰਦਾ ਹਾਂ। ਸਾਡੇ ਸਾਹਮਣੇ ਬਹੁਤ ਸਾਰੀਆਂ ਮੁਸ਼ਕਲਾਂ ਹਨ, ਇੰਨਾ ਕੰਮ ਕਰਨ ਵਾਲਾ ਹੈ ਕਿ ਪੂਰਾ ਜ਼ਿਲ੍ਹਾ ਜਾਂ ਪੂਰਾ ਇਲਾਕਾ ਵੀ ਉਨ੍ਹਾਂ ਨੂੰ ਪੂਰਾ ਕਰਨ ਲਈ ਲਗ ਜਾਵੇ ਤੋਂ ਕੁਝ ਨਹੀਂ ਕਰ ਸਕਦਾ। ਇਸ ਲਈ ਸਾਰੇ ਬਹਿਸ਼ਕ੍ਰਿਤ ਭਰਾਵਾਂ ਨੂੰ ਆਪਸੀ ਮਤਭੇਦ ਭੁਲਾ ਕੇ ਮੋਢੇ ਨਾਲ ਮੋਢਾ ਜੋੜ ਕੇ ਕੰਮ ਕਰਨਾ ਸ਼ੁਰੂ ਕਰ ਦੇਣਾ ਚਾਹੀਦਾ ਹੈ, ਇਹ ਸਾਡੇ ਆਪਣੇ ਹਿੱਤ ਵਿੱਚ ਹੈ।

ਮੇਰੇ ਪਿੱਛੇ ਡਾ: ਸੋਲੰਕੀ ਅਤੇ ਸ਼੍ਰੀ. ਨਾਇਕ ਦੇ ਫਲਸਫੇ 'ਤੇ ਚੱਲਦੇ ਹੋ ਅਤੇ ਸਮਾਜ ਵਿੱਚ ਜਾਗਰੂਕਤਾ ਆਈ ਹੈ, ਇਸ ਨੂੰ ਵਧਾਉਣ ਦੀ ਜ਼ਿੰਮੇਵਾਰੀ ਹੁਣ ਮੈਂ ਤੁਹਾਨੂੰ ਸੌਂਪ ਕੇ ਤੁਹਾਡੇ ਤੋਂ ਛੁੱਟੀ ਲੈਂਦਾ ਹਾਂ।

ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਡਾ: ਅੰਬੇਡਕਰ ਨੇ ਆਪਣੇ ਭਾਸ਼ਣ ਵਿਚ ਕੀਤਾ।


ਸੁਣਨ ਵਿਚ ਆਇਆ ਹੈ ਕਿ ਜਦੋਂ ਮੀਟਿੰਗ ਖਤਮ ਹੋਣ ਤੋਂ ਬਾਅਦ ਅਛੂਤ ਬਾਹਰ ਆਏ ਤਾਂ ਬਾਹਰ ਇਕੱਠੇ ਹੋਏ ਕੁਝ ਲੋਕਾਂ ਨੇ ਉਨ੍ਹਾਂ 'ਤੇ ਹਮਲਾ ਕਰ ਦਿੱਤਾ। ਪਰੇਲ ਵਿੱਚ ਅਛੂਤਾਂ ਅਤੇ ਕਾਂਗਰਸ ਪਾਰਟੀ ਦੇ ਲੋਕਾਂ ਵਿੱਚ ਭਾਰੀ ਲੜਾਈ ਹੋਈ। ਇਸ ਵਿੱਚ ਪੱਥਰਾਂ ਅਤੇ ਡੰਡਿਆਂ ਦੀ ਵਰਤੋਂ ਕੀਤੀ ਗਈ। ਇਨ੍ਹਾਂ ਦੰਗਿਆਂ 'ਚ 8 ਲੋਕ ਜ਼ਖ਼ਮੀ ਹੋ ਗਏ ਸਨ। ਉਸ ਨੂੰ ਇਲਾਜ ਲਈ ਨੇੜਲੇ ਕਿੰਗ ਐਡਵਰਡ ਹਸਪਤਾਲ 'ਚ ਭਰਤੀ ਕਰਵਾਇਆ ਗਿਆ।

# ਪੰਜ ਸਾਲ ਦੇ ਬੱਚੇ ਕਤਲ ਦੇ ਦੋਸ਼ੀ ਨੂੰ ਫਾਸਟ ਟਰੈਕ ਅਦਾਲਤ ਰਾਹੀਂ ਸਖ਼ਤ ਤੋਂ ਸਖ਼ਤ ਸਜ਼ਾ ਦੇਣ ਦੀ ਕੀਤੀ ਮੰਗ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 19 ਸਤੰਬਰ
INTERNATIONAL PAPER, 94636 01616
hardipchumber57@gmail.com

ਸੰਗਰੂਰ,19 ਸਤੰਬਰ ()- ਤਰਕਸ਼ੀਲ ਸੁਸਾਇਟੀ ਪੰਜਾਬ ਦੀ ਇਕਾਈ ਸੰਗਰੂਰ ਨੇ ਹੁਸ਼ਿਆਰਪੁਰ ਜ਼ਿਲ੍ਹੇ ਅੰਦਰ ਇਕ ਦਰਿੰਦੇ ਪ੍ਰਵਾਸੀ ਵੱਲੋਂ ਪੰਜ ਸਾਲ ਦੇ ਬੱਚੇ ਦੇ ਵਹਿਸ਼ੀ ਕਤਲ ਦੀ ਸਖ਼ਤ ਨਿੰਦਾ ਕਰਦਿਆਂ ਉਸ ਨੂੰ ਫਾਸਟ ਟਰੈਕ ਅਦਾਲਤ ਰਾਹੀਂ ਸਖ਼ਤ ਤੋਂ ਸਖ਼ਤ ਸਜ਼ਾ ਦੇਣ ਦੀ ਮੰਗ ਕੀਤੀ ਹੈ। ਉਨ੍ਹਾਂ ਪੰਜਾਬ ਦੇ ਕੁੱਝ ਜ਼ਿਲਿਆਂ ਵਿੱਚ ਕੁੱਝ ਸਮੂਹਾਂ ਅਤੇ ਪੰਚਾਇਤਾਂ ਵੱਲੋਂ ਪਾਸ ਕੀਤੇ ਗੈਰ ਜਮਹੂਰੀ ਮਤਿਆਂ ਰਾਹੀਂ ਪ੍ਰਵਾਸੀ ਲੋਕਾਂ ਵਿਰੁੱਧ ਫਿਰਕੂ ਨਫ਼ਰਤ ਫੈਲਾਉਣ ਅਤੇ ਪੰਜਾਬ ਛੱਡ ਕੇ ਜਾਣ ਦੀਆਂ ਧਮਕੀਆਂ ਦੀ ਸਖ਼ਤ ਸ਼ਬਦਾਂ ਵਿੱਚ ਆਲੋਚਨਾ ਵੀ ਕੀਤੀ ਹੈ।

ਤਰਕਸ਼ੀਲ ਸੁਸਾਇਟੀ ਪੰਜਾਬ ਦੀ ਇਕਾਈ ਸੰਗਰੂਰ ਦੇ ਆਗੂਆਂ ਮਾਸਟਰ ਪਰਮ ਵੇਦ, ਸੁਰਿੰਦਰ ਪਾਲ, ਸੀਤਾ ਰਾਮ, ਕ੍ਰਿਸ਼ਨ ਸਿੰਘ, ਗੁਰਦੀਪ ਸਿੰਘ ਲਹਿਰਾ, ਪ੍ਰਗਟ ਸਿੰਘ ਬਾਲੀਆਂ ਨੇ ਪ੍ਰੈੱਸ ਬਿਆਨ ਜਾਰੀ ਕਰਦਿਆਂ ਕਿਹਾ ਕਿ ਕਿਸੇ ਦਰਿੰਦੇ ਪ੍ਰਵਾਸੀ ਵੱਲੋਂ ਹੁਸ਼ਿਆਰਪੁਰ ਵਿਖੇ ਪੰਜ ਸਾਲਾਂ ਦੇ ਬੱਚੇ



ਦੀ ਬੇਰਹਿਮੀ ਨਾਲ ਕੀਤੀ ਹੱਤਿਆ ਦੀ ਦੁੱਖਦਾਈ ਘਟਨਾ ਨੇ ਹਰ ਸੰਵੇਦਨਸ਼ੀਲ ਵਿਅਕਤੀ ਦੇ ਮਨ ਨੂੰ ਵਲੂੰਧਰਿਆ ਹੈ। ਉਨ੍ਹਾਂ ਕਿਹਾ ਕੁਝ ਪੰਚਾਇਤਾਂ ਅਤੇ ਗਰੁੱਪਾਂ ਵੱਲੋਂ ਕਿਸੇ ਇਕ ਵਿਅਕਤੀ ਵੱਲੋਂ ਕੀਤੇ ਅਪਰਾਧ ਲਈ ਸਮੁੱਚੇ ਪ੍ਰਵਾਸੀ ਭਾਈਚਾਰੇ ਨੂੰ ਹੀ ਜ਼ਿੰਮੇਵਾਰ ਠਹਿਰਾਉਣ ਦੀ ਕਾਰਵਾਈ ਪੰਜਾਬ ਵਿਚਲੀ ਭਾਈਚਾਰਕ ਏਕਤਾ ,ਸਾਂਝ ਅਤੇ ਅਮਨ ਸ਼ਾਂਤੀ ਲਈ ਸਰਾਸਰ ਖ਼ਤਰਨਾਕ, ਗੈਰ ਜਮਹੂਰੀ ਅਤੇ ਲੋਕ ਵਿਰੋਧੀ ਹੈ।

ਉਨ੍ਹਾਂ ਅਜਿਹੀ ਭਰਾ ਮਾਰੂ ਜੰਗ ਦਾ ਵਿਰੋਧ ਕਰਦਿਆਂ ਕਿਹਾ ਕਿ ਕੁਝ ਫ਼ਿਰਕੂ ਸੰਗਠਨ ਅਜਿਹੀ ਫਿਰਕੂ ਨਫ਼ਰਤ ਅਤੇ ਵੰਡ ਦੀ ਰਾਜਨੀਤੀ ਨੂੰ ਉਭਾਰ ਕੇ ਜਿੱਥੇ ਪੰਜਾਬ ਵਿੱਚ ਪਰਵਾਸੀਆਂ ਅਤੇ ਬਿਹਾਰ ਚੋਣਾਂ ਵਿੱਚ ਆਪਣਾ ਵੋਟ ਬੈਂਕ ਮਜ਼ਬੂਤ ਕਰਨਾ ਚਾਹੁੰਦੇ ਹਨ ਉਥੇ ਹੀ ਪੰਜਾਬ ਤੋਂ ਬਾਹਰਲੇ ਸੂਬਿਆਂ ਦੇ ਪੰਜਾਬੀਆਂ ਅਤੇ ਸਿੱਖਾਂ ਵਿਰੁੱਧ ਫਿਰਕੂ ਦੰਗੇ ਫਸਾਦਾਂ ਦਾ ਮਾਹੌਲ ਸਿਰਜ ਕੇ ਉਨ੍ਹਾਂ ਨੂੰ ਉਜਾੜਨ ਤੇ ਬਰਬਾਦ ਕਰਨ ਦੀ ਸਾਜ਼ਿਸ਼ ਵੀ ਕਰ ਰਹੇ ਹਨ ਜਿਸਦੇ ਵਿਰੁੱਧ ਲੋਕ ਪੱਖੀ ਅਤੇ ਅਗਾਂਹਵਧੂ ਜਨਤਕ ਜਮਹੂਰੀ ਜੱਥੇਬੰਦੀਆਂ ਨੂੰ ਇਕਜੁੱਟ ਹੋ ਕੇ ਕਿਰਤੀਆਂ ਕਾਮਿਆਂ ਦੀ ਭਾਈਚਾਰਕ ਸਾਂਝ ਨੂੰ ਤੋੜਨ ਦੀਆਂ ਫਿਰਕੂ ਸਾਜਿਸ਼ਾਂ ਦਾ ਮੁਕਾਬਲਾ ਕਰਨ ਲਈ ਅੱਗੇ ਆਉਣਾ ਚਾਹੀਦਾ ਹੈ।

ਉਨ੍ਹਾਂ ਕਿਹਾ ਕਿ ਕੇਂਦਰ ਤੇ ਪੰਜਾਬ ਸਰਕਾਰਾਂ ਵੀ ਲੋਕਾਂ ਦਾ ਧਿਆਨ ਹੜ੍ਹਾਂ ਰਾਹੀਂ ਹੋਈ ਬਰਬਾਦੀ, ਮੁੜ ਵਸੇਬੇ, ਮੁਆਵਜ਼ੇ, ਗਰੀਬੀ, ਬੇਰੁਜ਼ਗਾਰੀ, ਮਹਿੰਗਾਈ, ਕਾਰਪੋਰੇਟ ਲੁੱਟ, ਭ੍ਰਿਸ਼ਟਾਚਾਰ ਅਤੇ ਅਮਨ ਕਾਨੂੰਨ ਦੀ ਮਾੜੀ ਹਾਲਤ ਦੇ ਅਸਲ ਮੁੱਦਿਆਂ ਤੋਂ ਪਾਸੇ ਹਟਾਉਣ ਲਈ ਅਜਿਹੇ ਫਿਰਕੂ ਮੁੱਦਿਆਂ ਉਤੇ ਸਾਜਿਸ਼ੀ ਚੁੱਪ ਧਾਰੀ ਬੈਠੀਆਂ ਹਨ।

ਤਰਕਸ਼ੀਲ ਆਗੂਆਂ ਨੇ ਪੰਜਾਬ ਵਿੱਚ ਗੈਰ ਕਾਨੂੰਨੀ ਢੰਗ ਨਾਲ ਰਹਿ ਰਹੇ ਪਰਵਾਸੀਆਂ ਦੇ ਪਿਛੋਕੜ ਦੀ ਤਹਿਕੀਕਾਤ ਕਰਨ ਦੀ ਮੰਗ ਕਰਦਿਆਂ ਪਰਵਾਸੀਆਂ ਦੇ ਵਿਰੁੱਧ ਮਤੇ ਪਾਸ ਕਰਨ ਵਾਲੀਆਂ ਪੰਚਾਇਤਾਂ ਨੂੰ ਭਾਈਚਾਰਕ ਸਾਂਝ,ਦੂਰ ਅੰਦੇਸ਼ੀ ਅਤੇ ਸਹਿਣਸ਼ੀਲਤਾ ਰੱਖਣ ਅਤੇ ਦੋਸ਼ੀਆਂ ਨੂੰ ਫਾਸਟ ਟਰੈਕ ਅਦਾਲਤਾਂ ਰਾਹੀਂ ਸਖ਼ਤ ਸਜ਼ਾਵਾਂ ਦਿਵਾਉਣ ਲਈ ਸਾਂਝੇ ਮੰਚ ਤੋਂ ਉਪਰਾਲੇ ਕਰਨ ਦੀ ਅਪੀਲ ਕੀਤੀ

# *ਅਗਸਤ ਮਹੀਨੇ ਦੀ ਤਨਖਾਹ ਨਾ ਮਿਲਣ ਕਾਰਨ ਪੰਜਾਬ ਭਰ ਦੇ ਕੰਪਿਊਟਰ ਅਧਿਆਪਕਾਂ ਵਿਚ ਭਾਰੀ ਰੋਸ਼,

## ਤਨਖ਼ਾਹਾਂ ਦੇ ਪੱਕੇ ਹੱਲ ਲਈ 23 ਸਤੰਬਰ ਨੂੰ ਕਾਲੀਆਂ ਝੰਡੀਆਂ ਨਾਲ ਕੀਤਾ ਜਾਵੇਗਾ ਪੰਜਾਬ ਸਿਵਲ ਸਕੱਤਰੇਤ, ਚੰਡੀਗੜ੍ਹ ਵੱਲ ਰੋਸ਼ ਮਾਰਚ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 19 ਸਤੰਬਰ INTERNATIONAL PAPER, 94636 01616 hardipchumber57@gmail.com



ਅੱਜ ਸਤੰਬਰ ਮਹੀਨੇ ਦੇ ਤਿੰਨ ਹਫ਼ਤੇ ਬੀਤ ਜਾਣ ਦੇ ਬਾਅਦ ਵੀ ਤਨਖਾਹ ਨਾ ਮਿਲਣ ਕਾਰਨ ਕੰਪਿਊਟਰ ਅਧਿਆਪਕਾਂ ਵਿੱਚ ਭਾਰੀ ਨਿਰਾਸ਼ਾ ਅਤੇ ਪੰਜਾਬ ਸਰਕਾਰ ਖ਼ਿਲਾਫ਼ ਭਾਰੀ ਰੋਸ਼ ਹੈ। ਹਮੇਸ਼ਾ ਦੀ ਤਰ੍ਹਾਂ ਬਾਕੀ ਸਰਕਾਰਾ ਵਾਂਗ ਪੰਜਾਬ ਦੀ ਮੌਜੂਦਾ ਸਰਕਾਰ ਕੰਪਿਊਟਰ ਅਧਿਆਪਕਾਂ ਨਾਲ ਮਤਰੇਈ ਮਾਂ ਵਾਲਾ ਸਲੂਕ ਕਰ ਰਿਹੀ ਹੈ। ਜਿਥੇ ਬਾਕੀ ਮੁਲਾਜਮਾਂ ਨੂੰ ਅਗਸਤ ਮਹੀਨੇ ਦੀ ਤਨਖਾਹ ਸਤੰਬਰ ਮਹਿਨੇ ਦੇ ਸ਼ੁਰੂਆਤ ਵਿੱਚ ਪ੍ਰਾਪਤ ਹੋ ਚੁੱਕੀ ਹੈ ਉਥੇ ਹੀ ਮੁੱਖ ਦਫਤਰ, ਵਿੱਤ ਵਿਭਾਗ ਅਤੇ ਸਰਕਾਰ ਦੀ ਅਣਗਹਿਲੀ ਕਾਰਨ ਕੰਪਿਊਟਰ ਅਧਿਆਪਕਾਂ ਨੂੰ ਤਨਖਾਹ ਨਾ ਮਿਲਣ ਕਾਰਨ ਬਹੁਤ ਸਾਰੀਆਂ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ ਜਿਸਦਾ ਮੁੱਖ ਕਾਰਨ ਤਨਖਾਹ ਦਾ ਪੇਚੀਦਾ ਪ੍ਰਬੰਧ ਹੈ ਜੋ ਮੁੱਖ ਦਫ਼ਤਰ ਵੱਲੋਂ ਅਪਣਾਇਆ ਜਾ ਰਿਹਾ ਹੈ ਅਤੇ ਇਸਦੇ ਚੱਲਦੇ ਹਰ ਵਾਰ ਤਨਖਾਹ ਮਿਲਣ ਵਿੱਚ ਦੇਰੀ ਹੁੰਦੀ ਹੈ। ਹਰ ਮਹੀਨੇ ਤਨਖਾਹ ਲੇਟ ਹੋਣ ਦਾ ਵਰਤਾਰਾ ਬਹੁਤ ਲੰਬੇ ਸਮੇਂ ਤੋਂ ਕੰਪਿਊਟਰ ਅਧਿਆਪਕਾਂ ਨੂੰ ਝੱਲਣਾ ਪੈ ਰਿਹਾ ਜਿਸ ਦੇ ਚਲਦਿਆਂ ਕੰਪਿਊਟਰ ਅਧਿਆਪਕਾਂ ਨੂੰ ਆਪਣੇ ਘਰ ਦੇ ਜਰੂਰੀ ਖਰਚੇ ਕਰਨ ਵਿੱਚ ਬਹੁਤ ਜਿਆਦਾ ਮੁਸ਼ਕਲ ਦਾ ਸਾਹਮਣਾ ਕਰਨਾ ਪੈਂਦਾ ਹੈ। ਬਹੁਤ ਸਾਰੇ ਅਧਿਆਪਕਾਂ ਨੇ ਹਾਊਸ ਲੋਨ ਲਏ ਹੋਏ ਹਨ, ਵੱਖ ਵੱਖ ਤਰ੍ਹਾਂ ਦੇ ਬਿਲਾਂ ਦਾ ਭੁਗਤਾਨ ਕਰਨਾ ਹੁੰਦਾ ਹੈ ਜਾਂ ਕਈ ਤਰਾ ਦੇ ਹੋਰ ਖਰਚੇ ਹਰ ਮਹੀਨੇ ਸਮੇਂ ਸਿਰ ਨਾ ਹੋਣ ਕਾਰਨ ਕੰਪਿਊਟਰ ਅਧਿਆਪਕਾਂ ਨੂੰ ਭਾਰੀ ਜੁਰਮਾਨੇ ਵੀ ਭਰਨੇ ਪੈਂਦੇ ਹਨ ਪਰ ਸਿੱਖਿਆ ਵਿਭਾਗ ਅਤੇ ਸਰਕਾਰ ਇਸ ਦਾ ਕੋਈ ਵੀ ਪੁਖਤਾ ਪ੍ਰਬੰਧ ਨਹੀਂ ਕਰ ਰਹੀ ਹੈ। ਕੰਪਿਊਟਰ ਅਧਿਆਪਕ ਸੰਘਰਸ਼ ਕਮੇਟੀ ਪੰਜਾਬ ਦੀ ਜਥੇਬੰਦੀ ਵੱਲੋਂ ਤਨਖਾਹ ਜ਼ਾਰੀ ਕਰਨ ਦੇ ਪ੍ਰਬੰਧ ਨੂੰ ਸਰਲ ਬਣਾਉਂਦੇ ਹੋਏ ਸਕੂਲ ਪੱਧਰ ਤੇ ਕਰਨ ਸਬੰਧੀ ਵਾਰ ਵਾਰ ਮੰਗ ਕੀਤੀ ਜਾ ਰਹੀ ਹੈ ਪਰ ਪੰਜਾਬ ਸਰਕਾਰ ਦਾ ਇਸ ਗੰਭੀਰ ਮੁੱਦੇ ਵੱਲ ਕੋਈ ਧਿਆਨ ਜਿਸਦਾ ਦੇ ਨਤੀਜੇ ਵਜੋਂ ਪੰਜਾਬ ਭਰ ਦੇ ਸਮੂਹ ਕੰਪਿਊਟਰ ਅਧਿਆਪਕ 23 ਸਤੰਬਰ 2025 ਦਿਨ ਮੰਗਲਵਾਰ ਮੋਹਾਲੀ ਵਿਖੇ ਸਿੱਖਿਆ ਭਵਨ ਪੰਜਾਬ ਦੇ ਮੁੱਖ ਦਫਤਰ ਦੇ ਗੇਟ ਸਾਹਮਣੇ ਇਕੱਠੇ ਹੋ ਕੇ ਪੰਜਾਬ ਸਿਵਿਲ ਸਕੱਤਰੇਤ ਚੰਡੀਗੜ੍ਹ ਵੱਲ ਕਾਲੀਆਂ ਝੰਡੀਆਂ ਨਾਲ ਜੋਰਦਾਰ ਰੋਸ਼ ਪ੍ਰਦਰਸਨ ਕਰਨਗੇ ਜਿਸ ਵਿੱਚ ਪੰਜਾਬ ਭਰ ਦੇ ਕੰਪਿਊਟਰ ਅਧਿਆਪਕਾਂ ਦੇ ਨਾਲ ਨਾਲ ਉਹਨਾਂ ਦੇ ਪਰਿਵਾਰ ਵੀ ਸ਼ਮੂਲੀਅਤ ਕਰਨਗੇ। ਜਥੇਬੰਦੀ ਦੇ ਸੂਬਾਈ ਆਗੂ ਜੇਨੀ ਸਿੰਗਲਾ, ਰਣਜੀਤ ਸਿੰਘ, ਨਰਦੀਪ ਸ਼ਰਮਾ, ਸੁਨੀਤ ਸਰੀਨ, ਬਵਲੀਨ ਬੇਦੀ, ਪਰਮਵੀਰ ਸਿੰਘ, ਰਜਵੰਤ ਕੌਰ, ਕਰਮਜੀਤ ਪੁਰੀ, ਰਾਕੇਸ਼ ਸੈਣੀ, ਅੰਜੂ ਜੈਨ, ਕੁਲਵਿੰਦਰ ਸਿੰਘ, ਗਗਨਦੀਪ ਸਿੰਘ, ਦਿਲਕਰਨ ਕੌਰ, ਸੀਮਾ ਰਾਣੀ, ਬਲਜੀਤ ਸਿੰਘ, ਸੁਮਨ ਭਾਰਦਵਾਜ, ਰਘੁਵੀਰ ਸਿੰਘ, ਰਮਨ ਵਸ਼ਿਸ਼ਟ, ਧਰਮਿੰਦਰ ਸਿੰਘ, ਗੁਰਬਖ਼ਸ਼ ਲਾਲ, ਪਵਨਜੀਤ ਸਿੰਘ, ਸ਼ਮਸ਼ੇਰ ਸਿੰਘ, ਜਗਰਾਜ ਸਿੰਘ ਅਤੇ ਮਨਪ੍ਰੀਤ ਸਿੰਘ ਨੇ ਰੋਸ਼ ਪ੍ਰਗਟ ਕਰਦੇ ਹੋਏ ਕਿਹਾ ਕਿ ਤਨਖਾਹ ਹਰ ਮੁਲਾਜਮ ਦਾ ਮੁੱਢਲਾ ਹੱਕ ਹੈ ਅਤੇ ਹਰ ਮੁਲਾਜਮ ਦੀਆਂ ਮੁੱਢਲੀਆਂ ਘਰੇਲੂ ਲੋੜਾਂ ਤਨਖਾਹ ਉੱਤੇ ਨਿਰਭਰ ਹੁੰਦੀਆਂ ਹਨ। ਇਸ ਲਈ ਤਨਖਾਹ ਵਿੱਚ ਦੇਰੀ ਕਿਸੇ ਕੀਮਤ ਤੇ ਬਰਦਾਸ਼ਤ ਨਹੀਂ ਕੀਤੀ ਜਾਵੇਗੀ।ਉਹਨਾਂ ਜਾਣਕਾਰੀ ਦਿੰਦਿਆਂ ਕਿਹਾ ਕਿ ਤਨਖਾਹ ਦੇ ਤੁਰੰਤ ਹੱਲ ਲਈ ਮੋਹਾਲੀ ਤੋਂ ਪੰਜਾਬ ਸਿਵਲ ਸਕੱਤਰੇਤ ਚੰਡੀਗੜ੍ਹ ਦਾ ਕਾਲੀਆਂ ਝੰਡੀਆਂ ਨਾਲ ਘਿਰਾਓ ਕੀਤਾ ਜਾਵੇਗਾ। ਜਿਸ ਦੀ ਹਰ ਤਰ੍ਹਾਂ ਦੀ ਜਿੰਮੇਵਾਰੀ ਪੰਜਾਬ ਸਰਕਾਰ ਦੀ ਅਤੇ ਸਿੱਖਿਆ ਵਿਭਾਗ ਦੇ ਅਧਿਕਾਰੀਆਂ ਦੀ ਹੋਵੇਗੀ।

# ਕੰਬਾਈਨ ਮਾਲਕਾਂ ਨੂੰ ਰਾਤ ਸਮੇਂ ਕੰਬਾਈਨਾਂ ਨਾ ਚਲਾਉਣ ਦੀ ਹਦਾਇਤ

## ਮੁੱਖ ਖੇਤੀਬਾੜੀ ਅਫਸਰ ਅਤੇ ਸੀਨੀਅਰ ਆਡੀਟਰ ਵਲੋਂ ਕੰਬਾਈਨ ਮਾਲਕਾਂ ਨਾਲ ਮੀਟਿੰਗ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 19 ਸਤੰਬਰ INTERNATIONAL PAPER, 94636 01616 hardipchumber57@gmail.com



ਨਵਾਂਸ਼ਹਿਰ (ਸਤਨਾਮ ਸਿੰਘ ਸਹੂੰਗੜਾ) ਡਿਪਟੀ ਕਮਿਸ਼ਨਰ ਅੰਕੁਰਜੀਤ ਸਿੰਘ ਦੇ ਨਿਰਦੇਸ਼ਾਂ 'ਤੇ ਮੁੱਖ ਖੇਤੀਬਾੜੀ ਅਫਸਰ ਰਾਕੇਸ਼ ਕੁਮਾਰ ਸ਼ਰਮਾ ਨੇ ਜ਼ਿਲ੍ਹੇ ਦੇ ਕੰਬਾਈਨ ਮਾਲਕਾਂ ਨਾਲ ਮੀਟਿੰਗ ਕਰਦਿਆਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਕੰਬਾਈਨਾਂ ਚਲਾਉਣ ਲਈ ਨਿਰਧਾਰਤ ਸਮੇਂ ਦੀ ਪਾਲਣਾ ਨੂੰ ਹਰ ਹਾਲ ਯਕੀਨੀ ਬਣਾਇਆ ਜਾਵੇ।

ਮੁੱਖ ਖੇਤੀਬਾੜੀ ਅਫ਼ਸਰ ਰਾਕੇਸ਼ ਕੁਮਾਰ ਸ਼ਰਮਾ ਨੇ ਦੱਸਿਆ ਕਿ ਝੋਨੇ ਦੀ ਖਰੀਦ ਸਰਕਾਰ ਵੱਲੋਂ 16 ਸਤੰਬਰ ਤੋਂ ਸ਼ੁਰੂ ਹੋ ਚੁੱਕੀ ਹੈ ਅਤੇ ਕਿਸਾਨਾਂ ਦੀ ਫਸਲ ਦੀ ਨਿਰਵਿਘਨ ਖਰੀਦ ਨੂੰ ਯਕੀਨੀ ਬਣਾਉਣ ਲਈ ਉਹਨਾਂ ਨੇ ਕੰਬਾਈਨ ਮਾਲਕਾਂ ਨੂੰ ਹਦਾਇਤ ਕੀਤੀ ਕਿ ਕੰਬਾਈਨਾਂ ਸਿਰਫ ਸਵੇਰੇ 10 ਵਜੇ ਤੋਂ ਸ਼ਾਮ 6 ਵਜੇ ਤੱਕ ਹੀ ਚਲਾਈਆਂ ਜਾਣ ਤਾਂ ਜੋ ਝੋਨੇ ਦੀ ਨਮੀ ਨੂੰ ਨਿਰਧਾਰਤ ਸਪੈਸੀਫਿਕੇਸ਼ਨਾਂ ਅਨੁਸਾਰ (17 ਫੀਸਦੀ) ਰੱਖਿਆ ਜਾ ਸਕੇ। ਉਨ੍ਹਾਂ ਕਿਹਾ ਕਿ ਜੇਕਰ ਝੋਨੇ ਦੀ ਫਸਲ ਵਿੱਚ ਨਮੀ ਜਿਆਦਾ ਹੁੰਦੀ ਹੈ ਤਾਂ ਉਸ ਦੀ ਖਰੀਦ ਵਿੱਚ ਦਿੱਕਤ ਆਉਂਦੀ ਹੈ। ਕੰਬਾਈਨ ਦੀ ਮੁਰੰਮਤ ਨਿਰਧਾਰਤ ਬੀ.ਆਈ.ਐਸ. ਸਟੈਂਡਰਡ ਅਨੁਸਾਰ ਕਰਵਾਈ ਜਾਵੇ ਤਾਂ ਜੋ ਕਟਾਈ ਸਮੇਂ ਕਿਸੇ ਵੀ ਤਰ੍ਹਾਂ ਦੀ ਕੋਈ ਸਮੱਸਿਆ ਨਾ ਆਵੇ। ਉਹਨਾਂ ਵਲੋਂ ਇਹ ਵੀ ਦੱਸਿਆ ਗਿਆ ਕਿ ਕੰਬਾਈਨਾਂ ਤੇ ਸੁਪਰ ਐਸ.ਐਮ. ਐਸ. ਮਸ਼ੀਨਾਂ ਲਗਾ ਕੇ ਹੀ ਵਾਢੀ ਕੀਤੀ ਜਾਵੇ। ਉਹਨਾਂ ਨੇ ਦੱਸਿਆ ਕਿ ਪੰਜਾਬ ਸਰਕਾਰ ਵਲੋਂ ਜਾਰੀ ਹਦਾਇਤਾਂ ਅਨੁਸਾਰ ਸ਼ਾਮ 6 ਵਜੇ ਤੋਂ ਸਵੇਰੇ 10 ਵਜੇ ਤੱਕ ਕੰਬਾਈਨਾਂ ਨੂੰ ਚਲਾਉਣ ਤੇ ਪੂਰਨ ਪਾਬੰਦੀ ਹੈ, ਇਸ ਲਈ ਇਸ ਸਮੇਂ ਦੌਰਾਨ ਕੰਬਾਈਨਾਂ ਬਿਲਕੁਲ ਨਾ ਚਲਾਈਆਂ ਜਾਣ। ਇਸ ਦੇ ਨਾਲ ਹੀ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੇ ਖੇਤੀਬਾੜੀ ਵਿਭਾਗ ਅਤੇ ਪੁਲਿਸ ਵਿਭਾਗ ਦੇ ਅਧਿਕਾਰੀਆਂ/ ਕਰਮਚਾਰੀਆਂ ਵਲੋਂ ਕੰਬਾਈਨਾਂ ਦੀ ਵਰਤੋਂ ਤੇ ਚੌਕਸੀ ਰੱਖੀ ਜਾਵੇਗੀ। ਜੇਕਰ ਕੋਈ ਕੰਬਾਈਨ ਨਿਰਧਾਰਤ ਸਮੇਂ ਦੀ ਉਲੰਘਣਾ ਕਰਦੀ ਪਾਈ ਗਈ ਤਾਂ ਕਾਨੂੰਨ ਅਨੁਸਾਰ ਬਣਦੀ ਕਾਰਵਾਈ ਕੀਤੀ ਜਾਵੇਗੀ।

# 'ਜਿਸਦਾ ਖੇਤ, ਉਸਦੀ ਰੇਤ' ਯੋਜਨਾ ਤਹਿਤ ਕਿਸਾਨਾਂ ਨੂੰ ਹੜ੍ਹਾਂ ਤੋਂ ਪ੍ਰਭਾਵਿਤ ਖੇਤਾਂ ਤੋਂ ਰੇਤ-ਸਿਲਟ ਹਟਾਉਣ ਦੀ ਮਨਜ਼ੂਰੀ : ਡਿਪਟੀ ਕਮਿਸ਼ਨਰ

## ਕਿਸਾਨਾਂ ਨੂੰ 31 ਦਸੰਬਰ 2025 ਤੱਕ ਬਿਨਾਂ ਕਿਸੇ ਪਰਮਿਟ/ਐਨ.ਓ.ਸੀ ਤੋਂ ਮਿਲੇਗੀ ਛੋਟ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 19 ਸਤੰਬਰ INTERNATIONAL PAPER, 94636 01616 hardipchumber57@gmail.com

ਹੁਸ਼ਿਆਰਪੁਰ (ਸਤਨਾਮ ਸਿੰਘ ਸਹੂੰਗੜਾ) ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਕਿਹਾ ਕਿ ਹਾਲ ਹੀ ਵਿਚ ਆਏ ਹੜ੍ਹਾਂ ਕਾਰਨ ਜ਼ਿਲ੍ਹੇ ਦੇ ਬਹੁਤ ਸਾਰੇ ਕਿਸਾਨਾਂ ਦੀ ਖੇਤੀਬਾੜੀ ਜ਼ਮੀਨ 'ਤੇ ਸਿਲਟ, ਰੇਤ ਅਤੇ ਹੋਰ ਦਰਿਆਈ ਪਦਾਰਥ ਜਮ੍ਹਾ ਹੋ ਗਏ ਹਨ, ਜਿਸ ਕਾਰਨ ਉਨ੍ਹਾਂ ਦੀ ਅਗਲੀ ਫ਼ਸਲ ਦੀ ਬਿਜਾਈ ਪ੍ਰਭਾਵਿਤ ਹੋ ਸਕਦੀ ਹੈ। ਇਸ 'ਤੇ ਪੰਜਾਬ ਸਰਕਾਰ ਨੇ ਕਿਸਾਨਾਂ ਦੇ ਹਿੱਤ ਵਿਚ 'ਜਿਸਦਾ ਖੇਤ, ਉਸਦੀ ਰੇਤ' ਨਾਮਕ ਇਕ ਵਿਸ਼ੇਸ਼ ਸਮਾਂਬੱਧ ਯੋਜਨਾ ਦਾ ਐਲਾਨ ਕੀਤਾ ਹੈ, ਜਿਸ ਦੇ ਤਹਿਤ ਕਿਸਾਨਾਂ ਨੂੰ ਆਪਣੇ ਖੇਤਾਂ ਵਿਚੋਂ ਰੇਤ, ਸਿਲਟ ਜਾਂ ਹੋਰ ਦਰਿਆਈ ਸਮੱਗਰੀ ਹਟਾਉਣ ਦੀ ਆਗਿਆ ਦਿੱਤੀ ਗਈ ਹੈ। ਇਹ ਸਹੂਲਤ 31 ਦਸੰਬਰ 2025 ਤੱਕ ਇਕ ਵਾਰ ਲਈ ਉਪਲਬੱਧ ਹੋਵੇਗੀ ਅਤੇ ਇਸ ਲਈ ਕਿਸਾਨਾਂ ਨੂੰ ਕਿਸੇ ਵੀ ਤਰ੍ਹਾਂ ਦਾ ਪਰਮਿਟ ਜਾਂ ਵਿਭਾਗੀ ਇਜਾਜ਼ਤ (ਐਨ.ਓ.ਸੀ) ਲੈਣ ਦੀ ਲੋੜ ਨਹੀਂ ਹੋਵੇਗੀ। ਉਨ੍ਹਾਂ ਕਿਹਾ ਕਿ ਇਹ ਵਿਵਸਥਾ ਪੰਜਾਬ ਮਾਈਨਰ ਮਿਨਰਲ ਰੂਲਜ਼, 2013 ਦੇ ਨਿਯਮ 90 ਅਧੀਨ ਲਾਗੂ ਕੀਤੀ ਗਈ ਹੈ। ਡਿਪਟੀ ਕਮਿਸ਼ਨਰ ਨੇ ਸਬੰਧਤ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਇਸ ਯੋਜਨਾ ਬਾਰੇ ਜਾਣਕਾਰੀ ਸਾਰੇ ਕਿਸਾਨਾਂ ਅਤੇ ਜ਼ਮੀਨ ਮਾਲਕਾਂ ਤੱਕ ਵਿਆਪਕ ਪੱਧਰ 'ਤੇ ਪਹੁੰਚਾਈ ਜਾਵੇ। ਉਨ੍ਹਾਂ ਸਪੱਸ਼ਟ ਕੀਤਾ ਕਿ ਖੇਤਾਂ ਵਿਚੋਂ ਰੇਤ ਜਾਂ ਗਾਰ ਕੱਢਣ ਦੀ ਇਸ ਗਤੀਵਿਧੀ ਨੂੰ 'ਮਾਈਨਿੰਗ' ਨਹੀਂ ਮੰਨਿਆ ਜਾਵੇਗਾ। ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਕਿਹਾ ਕਿ ਇਹ ਕਦਮ ਕਿਸਾਨਾਂ ਨੂੰ ਅਗਲੀ ਬਿਜਾਈ ਲਈ



ਜ਼ਮੀਨ ਤਿਆਰ ਕਰਨ ਵਿਚ ਮਦਦ ਕਰੇਗਾ ਅਤੇ ਉਨ੍ਹਾਂ ਦੀ ਵਿੱਤੀ ਸਥਿਤੀ ਨੂੰ ਸੰਭਾਲਣ ਵਿਚ ਮਦਦਗਾਰ ਸਾਬਤ ਹੋਵੇਗਾ। ਉਨ੍ਹਾਂ ਅਧਿਕਾਰੀਆਂ ਨੂੰ ਇਸ ਸਬੰਧ ਵਿਚ ਪਾਰਦਰਸ਼ਤਾ, ਜਲਦੀ ਅਤੇ ਜ਼ਿੰਮੇਵਾਰੀ ਨਾਲ ਕੰਮ ਕਰਨ ਦੇ ਨਿਰਦੇਸ਼ ਦਿੱਤੇ।

# ਕ੍ਰਿਸ਼ੀ ਵਿਗਿਆਨ ਕੇਂਦਰ ਨੇ ਹੜ੍ਹ ਪ੍ਰਭਾਵਿਤ ਪਿੰਡ ਕੋਲੀਆਂ 'ਚ ਪਸ਼ੂ ਭਲਾਈ ਕੈਂਪ ਲਗਾਇਆ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 19 ਸਤੰਬਰ INTERNATIONAL PAPER, 94636 01616 hardipchumber57@gmail.com



ਹੁਸ਼ਿਆਰਪੁਰ (ਸਤਨਾਮ ਸਿੰਘ ਸਹੂੰਗੜਾ) ਪੀ.ਏ.ਯੂ ਕ੍ਰਿਸ਼ੀ ਵਿਗਿਆਨ ਕੇਂਦਰ, ਬਾਹੋਵਾਲ ਵੱਲੋਂ ਪਸ਼ੂ ਪਾਲਣ ਵਿਭਾਗ ਦੇ ਸਹਿਯੋਗ ਨਾਲ ਹੜ੍ਹ ਪ੍ਰਭਾਵਿਤ ਪਿੰਡ ਕੋਲੀਆਂ, ਬਲਾਕ ਮੁਕੇਰੀਆਂ ਵਿਖੇ ਪਸ਼ੂ ਭਲਾਈ ਕੈਂਪ ਲਗਾਇਆ ਗਿਆ। ਇਸ ਮੌਕੇ ਪੀ.ਏ.ਯੂ ਕ੍ਰਿਸ਼ੀ ਵਿਗਿਆਨ ਕੇਂਦਰ, ਬਾਹੋਵਾਲ ਦੇ ਸਹਾਇਕ ਪ੍ਰੋਫ਼ੈਸਰ (ਖੇਤੀਬਾੜੀ ਇੰਜੀਨੀਅਰਿੰਗ) ਡਾ. ਅਜੈਬ ਸਿੰਘ ਨੇ ਹੜ੍ਹ ਪ੍ਰਭਾਵਿਤ ਇਲਾਕਿਆਂ ਲਈ ਖੇਤੀਬਾੜੀ ਸਲਾਹ ਅਤੇ ਅਚਨਚੇਤ ਫ਼ਸਲ ਯੋਜਨਾਬੰਦੀ ਦੇ ਨੁਕਤੇ ਸਾਂਝੇ ਕੀਤੇ, ਜਦਕਿ ਸਹਿਯੋਗੀ ਪ੍ਰੋਫ਼ੈਸਰ (ਪਸ਼ੂ ਵਿਗਿਆਨ) ਡਾ. ਪਰਮਿੰਦਰ ਸਿੰਘ ਨੇ ਹੜ੍ਹ ਪ੍ਰਭਾਵਿਤ ਖੇਤਰਾਂ ਵਿਚ ਦੁਧਾਰੂ ਪਸ਼ੂਆਂ ਦੀ ਸਾਂਭ-ਸੰਭਾਲ ਬਾਬਤ ਨੁਕਤੇ ਸਾਂਝੇ ਕੀਤੇ। ਪਸ਼ੂ ਪਾਲਣ ਵਿਭਾਗ ਮੁਕੇਰੀਆਂ ਤੋਂ ਸੀਨੀਅਰ ਵੈਟਰਨਰੀ ਅਫਸਰ ਡਾ. ਹਰਿੰਦਰ ਪਾਲ ਗੇਜਰਾ ਨੇ ਦੁਧਾਰੂ ਪਸ਼ੂਆਂ ਵਿੱਚ ਬਿਮਾਰੀਆਂ ਦੀ ਸੁਚੱਜੀ ਰੋਕਥਾਮ ਸਬੰਧੀ ਪਸ਼ੂਆਂ ਦੇ ਟੀਕੇ ਲਗਾਉਣ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਕੈਂਪ ਦੌਰਾਨ ਹੜ੍ਹ ਪ੍ਰਭਾਵਿਤ ਖੇਤਰ ਵਿਚ ਪਸ਼ੂਆਂ ਪਾਲਕਾਂ ਨੂੰ ਪਸ਼ੂਆਂ ਦੇ ਪੇਟ ਦੇ ਕੀੜਿਆਂ, ਚਿੱਚੜਾਂ ਸਬੰਧੀ ਅਤੇ ਹੋਰ ਜ਼ਰੂਰੀ ਦਵਾਈਆਂ ਦਿੱਤੀਆਂ ਗਈਆਂ। ਇਸ ਕੈਂਪ ਵਿਚ ਪਸ਼ੂ ਪਾਲਣ ਵਿਭਾਗ ਬਲਾਕ ਮੁਕੇਰੀਆਂ ਦੇ ਹੋਰ ਅਧਿਕਾਰੀ ਡਾ. ਸੁਖਜਿੰਦਰ ਸਿੰਘ, ਡਾ. ਕ੍ਰਿਸ਼ਨ ਕੁਮਾਰ ਅਤੇ ਡਾ. ਨਵਨੀਤ ਅੱਤਰੀ ਵੀ ਮੌਜੂਦ ਸਨ।

# ਸੁਨਾਮ-ਬਠਿੰਡਾ ਓਵਰਬ੍ਰਿਜ 'ਤੇ ਵਾਪਰਿਆ ਦਰਦਨਾਕ ਸੜਕ ਹਾਦਸਾ, ਹਾਦਸੇ 'ਚ ਇੱਕ ਵਿਅਕਤੀ ਦੀ ਹੋਈ ਮੌਤ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 19 ਸਤੰਬਰ INTERNATIONAL PAPER, 94636 01616 hardipchumber57@gmail.com



ਸੁਨਾਮ: ਬੀਤੀ ਦੇਰ ਰਾਤ ਸੁਨਾਮ-ਬਠਿੰਡਾ ਓਵਰਬ੍ਰਿਜ 'ਤੇ ਹਾਦਸਾ ਉਸ ਸਮੇਂ ਵਾਪਰਿਆ ਜਦੋਂ ਪਟਿਆਲਾ ਤੋਂ ਬਠਿੰਡਾ ਜਾ ਰਿਹਾ ਇੱਕ ਟਰੱਕ ਬਠਿੰਡਾ ਤੋਂ ਪਟਿਆਲਾ ਜਾ ਰਹੀ ਇੱਕ ਚਾਰੇ ਦੀ ਟਰਾਲੀ ਨੂੰ ਓਵਰਟੇਕ ਕਰਨ ਦੀ ਕੋਸ਼ਿਸ਼ ਵਿੱਚ ਦੂਜੇ ਟਰੱਕ ਨਾਲ ਟਕਰਾ ਗਿਆ। ਹਾਦਸਾ ਇੰਨਾ ਭਿਆਨਕ ਸੀ ਕਿ ਡਰਾਈਵਰ ਬੁਰੀ ਤਰ੍ਹਾਂ ਫਸ ਗਿਆ। ਸੂਚਨਾ ਮਿਲਣ 'ਤੇ ਪੁਲਿਸ ਮੌਕੇ 'ਤੇ ਪਹੁੰਚੀ ਅਤੇ ਹਾਈਡ੍ਰਾ ਮਸ਼ੀਨ ਦੀ ਵਰਤੋਂ ਕਰਕੇ ਡਰਾਈਵਰ ਨੂੰ ਬਚਾਉਣ ਦੀ ਕੋਸ਼ਿਸ਼ ਕੀਤੀ। ਹਾਲਾਂਕਿ, ਉਹ ਜ਼ਖਮੀ ਹੋਣ ਕਾਰਨ ਦਮ ਤੋੜ ਗਿਆ। ਮ੍ਰਿਤਕ ਡਰਾਈਵਰ ਰਿੰਕਾ ਸਿੰਘ ਦੀ ਉਮਰ ਸਿਰਫ਼ 35 ਸਾਲ ਸੀ। ਹਾਈਡ੍ਰਾ ਮਸ਼ੀਨ ਦੁਆਰਾ ਟਰੱਕ ਵਿੱਚੋਂ ਬਾਹਰ ਕੱਢਦੇ ਸਮੇਂ ਉਸ ਦੀਆਂ ਲੱਤਾਂ ਕੱਟੀਆਂ ਗਈਆਂ ਸਨ। ਉਸਨੂੰ ਸੁਨਾਮ ਤੋਂ ਪਟਿਆਲਾ ਤਬਦੀਲ ਕੀਤਾ ਗਿਆ, ਜਿੱਥੇ ਉਸਦੀ ਮੌਤ ਹੋ ਗਈ। ਉਸ ਦੇ ਛੋਟੇ ਬੱਚਿਆਂ ਅਤੇ ਪਰਿਵਾਰ ਲਈ ਸਰਕਾਰੀ ਸਹਾਇਤਾ ਦੀ ਮੰਗ ਕੀਤੀ ਜਾ ਰਹੀ ਹੈ। ਪੁਲ ਦੀ ਤੰਗੀ ਨੂੰ ਹਾਦਸੇ ਲਈ ਜ਼ਿੰਮੇਵਾਰ ਠਹਿਰਾਇਆ ਜਾ ਰਿਹਾ ਹੈ।

ਵਸਨੀਕਾਂ ਦਾ ਇਹ ਵੀ ਕਹਿਣਾ ਹੈ ਕਿ ਡਰਾਈਵਰ ਨੇ ਇੱਕ ਪਰਿਵਾਰਕ ਕਾਰ ਨੂੰ ਬਚਾਉਂਦੇ ਹੋਏ ਆਪਣੀ ਜਾਨ ਗੁਆ ਦਿੱਤੀ। ਪੁਲਿਸ ਨੇ ਮਾਮਲਾ ਦਰਜ ਕਰਕੇ ਅਗਲੇਰੀ ਜਾਂਚ ਸ਼ੁਰੂ ਕਰ ਦਿੱਤੀ ਹੈ। ਹਾਦਸੇ ਤੋਂ ਬਾਅਦ ਓਵਰਬ੍ਰਿਜ 'ਤੇ ਭਾਰੀ ਟ੍ਰੈਫਿਕ ਜਾਮ ਲੱਗ ਗਿਆ। ਪੁਲਿਸ ਨੇ ਜਲਦੀ ਕਾਰਵਾਈ ਕਰਦਿਆਂ ਪੁਲ ਨੂੰ ਸਾਫ਼ ਕਰ ਦਿੱਤਾ ਅਤੇ ਆਵਾਜਾਈ ਬਹਾਲ ਕਰ ਦਿੱਤੀ।

# ਸ਼੍ਰੀਮਤੀ ਮਧੂਮੀਤ ਕੌਰ ਨੇ ਆਸ਼ਾ ਕਿਰਨ ਸਕੂਲ ਨੂੰ 3 ਲੱਖ ਰੁਪਏ ਦਾ ਕੀਤਾ ਚੈੱਕ ਭੇਟ

"Equality and justice"
Patiala 19 September
INTERNATIONAL PAPER, 94636 01616
hardipchumber57@gmail.com




ਹੁਸ਼ਿਆਰਪੁਰ 19 ਸਤੰਬਰ (ਤਰਸੇਮ ਦੀਵਾਨਾ )- ਸ਼੍ਰੀਮਤੀ ਮਧੂਮੀਤ ਕੌਰ ਨੇ ਜੇਐਸਐਸ ਆਸ਼ਾ ਕਿਰਨ ਸਪੈਸ਼ਲ ਸਕੂਲ, ਜਹਾਨਖੇਲਾ ਵਿਖੇ ਵਿਸ਼ੇਸ਼ ਬੱਚਿਆਂ ਦੀ ਭਲਾਈ ਲਈ 3 ਲੱਖ ਰੁਪਏ ਦਾ ਚੈੱਕ ਭੇਟ ਕੀਤਾ। ਆਸ਼ਾਦੀਪ ਵੈਲਫੇਅਰ ਸੋਸਾਇਟੀ ਦੇ ਸਕੱਤਰ ਕਰਨਲ ਗੁਰਮੀਤ ਸਿੰਘ ਵੀ ਮੌਜੂਦ ਸਨ। ਇਸ ਮੌਕੇ ਕਰਨਲ ਗੁਰਮੀਤ ਸਿੰਘ ਨੇ ਦੱਸਿਆ ਕਿ ਸਕੂਲ ਵਿੱਚ ਇੱਕ ਸਟੇਜ ਸ਼ੈੱਡ ਬਣਾਇਆ ਜਾ ਰਿਹਾ ਹੈ ਜਿੱਥੇ ਵੱਖ-ਵੱਖ ਜਮਾਤਾਂ ਦੇ ਵਿਸ਼ੇਸ਼ ਵਿਦਿਆਰਥੀ ਡਾਂਸ ਦਾ ਅਭਿਆਸ ਕਰਨਗੇ, ਜਿਸ ਨਾਲ ਸਟੇਜ 'ਤੇ ਪ੍ਰਦਰਸ਼ਨ ਕਰਨ ਵਿੱਚ ਉਨ੍ਹਾਂ ਦਾ ਆਤਮਵਿਸ਼ਵਾਸ ਵਧੇਗਾ। ਪ੍ਰਿੰਸੀਪਲ ਸ਼ੈਲੀ ਸ਼ਰਮਾ ਨੇ ਦੱਸਿਆ ਕਿ ਸ਼੍ਰੀਮਤੀ ਮਧੂਮੀਤ ਕੌਰ ਆਸ਼ਾ ਕਿਰਨ ਸਕੂਲ ਵਿੱਚ ਵਿਸ਼ੇਸ਼ ਵਿਦਿਆਰਥੀਆਂ ਦੀ ਸਹਾਇਤਾ ਲਈ ਲਗਾਤਾਰ ਕਦਮ ਚੁੱਕਦੀ ਹੈ। ਇਸ ਤੋਂ ਇਲਾਵਾ, ਉਹ ਆਸ਼ਾ ਕਿਰਨ ਟੀਚਰਜ਼ ਟ੍ਰੇਨਿੰਗ ਇੰਸਟੀਚਿਊਟ ਵਿੱਚ ਲੈਕਚਰਾਰ ਵਜੋਂ ਵੀ ਸਵੈ-ਸੇਵਕ ਵਜੋਂ ਕੰਮ ਕਰਦੀ ਹੈ, ਜੋ ਵਿਦਿਆਰਥੀਆਂ ਦੀ ਮਦਦ ਕਰਦੀ ਹੈ। ਇਸ ਸਮੇਂ ਆਸ਼ਾਦੀਪ ਵੈਲਫੇਅਰ ਸੋਸਾਇਟੀ ਦੇ ਪ੍ਰਧਾਨ ਹਰਬੰਸ ਸਿੰਘ, ਸਰਪ੍ਰਸਤ ਪਰਮਜੀਤ ਸਿੰਘ ਸਚਦੇਵਾ ਨੇ ਸ਼੍ਰੀਮਤੀ ਮਧੂਮੀਤ ਕੌਰ ਅਤੇ ਕਰਨਲ ਗੁਰਮੀਤ ਸਿੰਘ ਦਾ ਧੰਨਵਾਦ ਕੀਤਾ। ਇਸ ਮੌਕੇ ਤਰੁਣ ਚਾਵਲਾ ਸੀ.ਐਫ.ਓ ਅਤੇ ਵਰਧਮਾਨ ਯਾਰਨ ਦੇ ਡਾਇਰੈਕਟਰ ਮਲਕੀਤ ਸਿੰਘ ਮਹੇੜੂ, ਸੀ.ਏ ਤਰਨਜੀਤ ਸਿੰਘ, ਰਾਮ ਆਸਰਾ, ਹਰਮੇਸ਼ ਤਲਵਾੜ, ਅਨੀਤਾ ਤਲਵਾੜ, ਐਡਵੋਕੇਟ ਹਰੀਸ਼ ਚੰਦਰ ਐਰੀ, ਮਸਤਾਨ ਸਿੰਘ ਗਰੇਵਾਲ, ਜੇ.ਐਸ. ਦਰਦੀ, ਲੋਕੇਸ਼ ਖੰਨਾ, ਵਿਨੋਦ ਭੂਸ਼ਣ ਅਗਰਵਾਲ, ਬਰਿੰਦਰ ਕੁਮਾਰ ਆਦਿ ਸ਼ਾਮਿਲ ਸਨ |

# ਸੰਗਰੂਰ ਪੁਲਿਸ ਖਿਲਾਫ ਰੋਹ ਭਰਪੂਰ ਮੁਜ਼ਾਹਰਾ, 25 ਸਤੰਬਰ ਨੂੰ - ਭੁਪਿੰਦਰ ਸਿੰਘ ਲੌਂਗੋਵਾਲ

"Equality and justice"
Patiala 19 September
INTERNATIONAL PAPER, 94636 01616
hardipchumber57@gmail.com



ਸੰਗਰੂਰ,19 ਸਤੰਬਰ (ਜਗਸੀਰ ਸਿੰਘ) - ਕਿਰਤੀ ਕਿਸਾਨ ਯੂਨੀਅਨ ਦੀ ਮੀਟਿੰਗ ਸੂਬਾ ਪ੍ਰੈਸ ਸਕੱਤਰ ਰਮਿੰਦਰ ਸਿੰਘ ਪਟਿਆਲਾ ਦੀ ਅਗਵਾਈ ਹੇਠ ਸੰਗਰੂਰ ਵਿਖੇ ਹੋਈ। ਜਿਸ ਵਿੱਚ ਸੂਬਾ ਪੱਧਰੀ ਸੱਦੇ ਤਹਿਤ ਸੰਗਰੂਰ ਵਿਖੇ ਯੂਥ ਵਿੰਗ ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਨਿਰਭੈ ਸਿੰਘ ਖਾਈ ਤੇ ਹੋਏ ਕਾਤਲਾਨਾ ਹਮਲੇ ਦੇ ਮਾਮਲੇ ਵਿੱਚ ਪੁਲਿਸ ਵੱਲੋਂ ਦੋਸ਼ੀਆਂ ਨੂੰ ਬਚਾਉਣ ਲਈ ਇਰਾਦਾ ਕਤਲ ਦੇ ਮੁਕਦਮੇ ਨੂੰ ਕਾਨੂੰਨੀ ਤੌਰ ਤੇ ਕਮਜ਼ੋਰ ਕਰ ਲਈ ਵਰਤੀ ਜਾ ਰਹੀ ਢਿੱਲ ਮੱਠ ਵਿਰੁੱਧ ਰੋਸ ਪ੍ਰਗਟ ਕਰਨ ਲਈ 25 ਸਤੰਬਰ ਨੂੰ ਸੰਗਰੂਰ ਵਿਖੇ ਕੀਤੇ ਜਾ ਰਹੇ ਰੋਸ ਮੁਜਾਹਰੇ ਦੀ ਤਿਆਰੀ ਸਬੰਧੀ ਚਰਚਾ ਕਰਦਿਆਂ ਜਿਲਾ ਪ੍ਰਧਾਨ ਜਰਨੈਲ ਸਿੰਘ ਜਹਾਂਗੀਰ ਦੀ ਅਗਵਾਈ ਹੇਠ ਸੰਗਰੂਰ ਵਿੱਚੋਂ ਵੱਡੀ ਪੱਧਰ ਤੇ ਕਿਸਾਨਾਂ ਦੀ ਸਮੂਲੀਅਤ ਕਰਨ ਦਾ ਫੈਸਲਾ ਕੀਤਾ ਗਿਆ।ਇਸ ਵਾਰੇ ਪ੍ਰੈਸ ਨੂੰ ਜਾਰੀ ਬਿਆਨ ਰਾਹੀਂ ਕਿਰਤੀ ਕਿਸਾਨ ਯੂਨੀਅਨ ਯੂਥ ਵਿੰਗ ਦੇ ਸੂਬਾ ਆਗੂ ਭੁਪਿੰਦਰ ਸਿੰਘ ਲੌਂਗੋਵਾਲ ,ਜਿਲਾ ਸਕੱਤਰ ਦਰਸ਼ਨ ਸਿੰਘ ਕੁੰਨਰਾਂ, ਜ਼ਿਲਾ ਸੀਨੀਅਰ ਮੀਤ ਪ੍ਰਧਾਨ ਭਜਨ ਸਿੰਘ ਢੱਡਰੀਆਂ ਅਤੇ ਵਿੱਤ ਸਕੱਤਰ ਕੁਲਦੀਪ ਸਿੰਘ ਨੇ ਦੱਸਿਆ ਕਿ ਘਟਨਾ ਦੇ ਚਾਰ ਮਹੀਨੇ ਬੀਤਣ ਦੇ ਬਾਅਦ ਵੀ ਅਜੇ ਤੱਕ ਸਾਰੇ ਦੋਸ਼ੀਆਂ ਦੀ ਗ੍ਰਿਫਤਾਰੀ ਨਹੀਂ ਕੀਤੀ ਗਈ ਅਜਿਹਾ ਬਰਦਾਸ਼ਤ ਨਹੀਂ ਕੀਤਾ ਜਾਵੇਗਾ ਤੇ ਪੁਲਿਸ ਦੇ ਇਸ ਰਵਈਏ ਵਿਰੁੱਧ ਰੋਸ ਜਾਹਰ ਕਰਨ ਲਈ ਸੰਗਰੂਰ ਵਿਖੇ ਵਿਸ਼ਾਲ ਰੋਸ ਮੁਜਾਹਰਾ ਕੀਤਾ ਜਾਵੇਗਾ ਇਨਸਾਫ ਨਾ ਮਿਲਣ ਦੀ ਸੂਰਤ ਵਿੱਚ ਸੰਘਰਸ਼ ਨੂੰ ਅੱਗੇ ਵਧਾਇਆ ਜਾਵੇਗਾ, ਇਸਦੀ ਤਿਆਰੀ ਲਈ ਪਿੰਡ ਪਿੰਡ ਮੀਟਿੰਗਾਂ ਵਿੱਢ ਦਿੱਤੀਆਂ ਗਈਆਂ ਹਨ ਅਤੇ ਤਿਆਰੀਆਂ ਸਬੰਧੀ ਡਿਊਟੀਆਂ ਲਗਾਈਆਂ ਗਈਆਂ ਹਨ। ਅੱਜ ਦੀ ਮੀਟਿੰਗ ਵਿੱਚ ਜ਼ਿਲ੍ਹਾ ਆਗੂ ਗੁਰਮੇਲ ਸਿੰਘ ਉਭਾਵਾਲ,ਕਰਮਜੀਤ ਸਿੰਘ ਸਤੀਪੁਰਾ, ਹਰਦਮ ਸਿੰਘ ਰਾਜੋਮਾਜਰਾ,ਗੁਰਪ੍ਰੀਤ ਸਿੰਘ ਖਾਈ,ਸਤਵਿੰਦਰ ਸਿੰਘ ਬਹਾਦਰਪੁਰ, ਰਣਜੀਤ ਸਿੰਘ ਚੱਠੇ ਸੇਖਵਾਂ,ਸਾਹਿਬ ਸਿੰਘ ਅਤੇ ਰਵਿੰਦਰ ਸਿੰਘ ਤਕੀਪੁਰ,ਅੰਗਰੇਜ਼ ਸਿੰਘ ਰੱਤੋਕੇ ,ਅਵਤਾਰ ਸਿੰਘ ਸਾਹੋਕੇ ਤੋਂ ਇਲਾਵਾ ਪਿੰਡਾਂ ਦੇ ਕਿਸਾਨ ਆਗੂ ਹਾਜ਼ਰ ਸਨ।


